Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 230 | Thursday, December 01, 2022 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਅੱਜ ਤੋਂ ਨਵੇਂ ਡੈਂਟਲ ਬੈਨੇਫਿਟ ਲਈ ਅਪਲਾਈ ਕਰ ਸਕਣਗੇ ਕੈਨੇਡੀਅਨਜ਼


ਓਟਵਾ, 30 ਨਵੰਬਰ (ਪੋਸਟ ਬਿਊਰੋ) : ਪਹਿਲੇ ਫੈਡਰਲ ਡੈਂਟਲ ਕੇਅਰ ਪ੍ਰੋਗਰਾਮ ਤਹਿਤ ਯੋਗ ਕੈਨੇਡੀਅਨ ਹੁਣ ਪਹਿਲੀ ਦਸੰਬਰ ਤੋਂ ਫੰਡ ਹਾਸਲ ਕਰਨ ਲਈ ਕੈਨੇਡਾ ਰੈਵਨਿਊ ਏਜੰਸੀ ਰਾਹੀਂ ਅਪਲਾਈ ਕਰ ਸਕਣਗੇ।12 ਦਸੰਬਰ ਤੋਂ ਘੱਟ ਆਮਦਨ ਵਾਲੇ ਕੈਨੇਡੀਅਨਜ਼ ਲਈ ਹਾਊਸਿੰਗ ਬੈਨੇਫਿਟ ਵਾਸਤੇ ਅਰਜ਼ੀਆਂ ਸਵੀਕਾਰਨ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਜਾਵੇਗਾ।



17 ਨਵੰਬਰ ਨੂੰ ਐਨਡੀਪੀ ਦੀ ਮਦਦ ਨਾਲ ਲਿਬਰਲਾਂ ਵੱਲੋਂ ਲਿਆਂਦਾ ਅਫੋਰਡੇਬਿਲਿਟੀ ਬਿੱਲ ਸੀ-31 ਕਾਨੂੰਨ ਦਾ ਰੂਪ ਅਖ਼ਤਿਆਰ ਕਰ ਗਿਆ।ਇਸ ਵਿੱਚ ਡੈਂਟਲ ਕੇਅਰ ਬੈਨੇਫਿਟ ਤੇ ਘੱਟ ਆਮਦਨ ਵਾਲੇ ਕੈਨੇਡੀਅਨਜ਼ ਲਈ ਰੈਂਟਲ ਬੂਸਟ ਸ਼ਾਮਲ ਹਨ। ਬੁੱਧਵਾਰ ਨੂੰ ਫੈਡਰਲ ਫਾਇਨਾਂਸ਼ੀਅਲ ਏਜੰਸੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਨ੍ਹਾਂ ਬੈਨੇਫਿਟਸ ਨੂੰ ਹਾਸਲ ਕਰਨ ਲਈ ਅਪਲਾਈ ਕਰਨ ਵਾਲੇ ਕੈਨੇਡੀਅਨਜ਼ ਲਈ ਇਹ ਸਿਸਟਮ ਕਿਵੇਂ ਕੰਮ ਕਰੇਗਾ। ...ਬਾਕੀ ਪੰਨਾ 2 'ਤੇ

## ਬੱਚਿਆਂ ਦੇ ਆਨਲਾਈਨ ਕੀਤੇ ਜਾ ਰਹੇ ਸ਼ੋਸ਼ਣ ਦੇ ਸਬੰਧ ਵਿੱਚ 23 ਵਿਅਕਤੀਆਂ ਨੂੰ ਕੀਤਾ ਗਿਆ ਗ੍ਰਿਫਤਾਰ

ਟੋਰਾਂਟੋ, 30 ਨਵੰਬਰ (ਪੋਸਟ ਬਿਊਰੋ) : ਬੱਚਿਆਂ ਦੇ ਆਨਲਾਈਨ ਕੀਤੇ ਜਾ ਰਹੇ ਸ਼ੋਸ਼ਣ ਦੇ ਸਬੰਧ ਵਿੱਚ ਟੋਰਾਂਟੋ ਪੁਲਿਸ ਵੱਲੋਂ ਦੋ ਦਰਜਨ ਦੇ ਨੇੜੇ ਤੇੜੇ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਤੇ ਉਨ੍ਹਾਂ ਉੱਤੇ ਲੱਗਭਗ 100 ਚਾਰਜਿਜ਼ ਲਾਏ ਗਏ ਹਨ।




ਇਸ ਜਾਂਚ ਨੂੰ ਪ੍ਰੋਜੈਕਟ ਮੈਵਰਿੱਕ ਦਾ ਨਾਂ ਦਿੱਤਾ ਗਿਆ। ਇਸ ਪ੍ਰੋਜੈਕਟ ਵਿੱਚ ਓਨਟਾਰੀਓ ਦੀ ਪ੍ਰੋਵਿੰਸ਼ੀਅਲ ਪੁਲਿਸ ਤੋਂ ਇਲਾਵਾ ਟੋਰਾਂਟੋ, ਪੀਲ ਤੇ ਦਰਹਾਮ ਪੁਲਿਸ ਸਮੇਤ 27 ਪੁਲਿਸ ਏਜੰਸੀਆਂ ਨੇ ਸ਼ਮੂਲੀਅਤ ਕੀਤੀ। ਲੋਕਲ ਪੱਧਰ ਉੱਤੇ ਟੋਰਾਂਟੋ ਪੁਲਿਸ ਨੇ ਅਕਤੂਬਰ ਵਿੱਚ 20 ਦਿਨਾਂ ਦੇ ਅੰਦਰ 24 ਸਰਚ ਵਾਰੰਟ ਕਢਵਾ ਕੇ 23 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਤੇ ਉਨ੍ਹਾਂ ਖਿਲਾਫ 96 ਚਾਰਜਿਜ਼ ਲਾਏ ਗਏ। ਜਾਂਚਕਾਰਾਂ ਨੇ 22 ਬੱਚਿਆਂ ਦੀ ਪਛਾਣ ਕੀਤੀ ਜਿਨ੍ਹਾਂ ਦਾ ਆਨਲਾਈਨ ਸ਼ੋਸ਼ਣ ਕੀਤਾ ਜਾ ਰਿਹਾ ਸੀ ਤੇ 10 ਬੱਚਿਆਂ ਨੂੰ ਬਚਾਇਆ।

ਪ੍ਰੋਵਿੰਸ ਭਰ ਵਿੱਚ ਪੁਲਿਸ ਨੇ 255 ਮਾਮਲਿਆਂ ਦੀ ਜਾਂਚ ਕਰਕੇ 107 ਵਿਅਕਤੀਆਂ ਖਿਲਾਫ 428 ਚਾਰਜਿਜ਼ ਲਗਾਏ। ਜਾਂਚਕਾਰ 168 ਸਰਚ ਵਾਰੰਟਸ ਉੱਤੇ ਕੰਮ ਕਰਨ ਵਿੱਚ ਕਾਮਯਾਬ ਰਹੇ ਤੇ 1032 ਡਿਵਾਈਸਿਜ਼ ਜ਼ਬਤ ਕੀਤੀਆਂ ਗਈਆਂ। 61 ਅਜਿਹੇ ਬੱਚਿਆਂ ਦੀ ਪਛਾਣ ਕੀਤੀ ਗਈ ਜਿਨ੍ਹਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਸੀ ਤੇ ਉਨ੍ਹਾਂ ਨੂੰ ਸਬੰਧਤ ਸੂਤਰਾਂ ਰਾਹੀਂ ਬਚਾਇਆ ਗਿਆ। ਇਸ ਤੋਂ ਇਲਾਵਾ 60 ਹੋਰਨਾਂ ਬੱਚਿਆਂ ਨੂੰ ਓਪੀਪੀ ਵੱਲੋਂ ਬਚਾਇਆ ਗਿਆ। ਅਜੇ ਵੀ 175 ਮਾਮਲਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਇਸ ਸਬੰਧ ਵਿੱਚ ਹੋਰ ਚਾਰਜਿਜ਼ ਲਾਏ ਜਾ ਸਕਦੇ ਹਨ।

## ਅਲਬਰਟਾ ਦੀ ਖੁਦਮੁਖ਼ਤਿਆਰੀ ਦੇ ਮੁੱਦੇ ਉੱਤੇ ਚੁੱਪ ਨਹੀਂ ਵੱਟ ਸਕਦੀ ਫੈਡਰਲ ਸਰਕਾਰ : ਟਰੂਡੋ

ਓਟਵਾ, 30 ਨਵੰਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਇਹ ਸਾਫ ਸਾਫ ਆਖ ਦਿੱਤਾ ਹੈ ਕਿ ਉਹ ਅਲਬਰਟਾ ਸਰਕਾਰ ਨਾਲ ਕਿਸੇ ਤਰ੍ਹਾਂ ਦੀ ਲੜਾਈ ਨਹੀਂ ਚਾਹੁੰਦੇ ਪਰ ਜਦੋਂ ਗੱਲ ਅਲਬਰਟਾ ਦੀ ਖੁਦਮੁਖ਼ਤਿਆਰੀ ਦੀ ਆਉਂਦੀ ਹੈ ਤਾਂ ਉਹ ਹੱਥ ਉੱਤੇ ਹੱਥ ਧਰ ਕੇ ਬੈਠੇ ਨਹੀਂ ਰਹਿ ਸਕਦੇ। ਜ਼ਿਕਰਯੋਗ ਹੈ ਕਿ ਅਲਬਰਟਾ ਦੀ ਪ੍ਰੀਮੀਅਰ ਡੈਨੀਅਲ ਸਮਿੱਥ ਵੱਲੋਂ ਪੇਸ਼ ਕੀਤੇ ਗਏ ਨਵੇਂ ਵਿਵਾਦਗ੍ਰਸਤ ਸੌਵਰੈਨਿਟੀ ਐਕਟ ਬਾਰੇ ਟਰੂਡੋ ਗੱਲ ਕਰ ਰਹੇ ਸਨ।



ਬੁੱਧਵਾਰ ਨੂੰ ਲਿਬਰਲ ਕਾਕਸ ਮੀਟਿੰਗ ਲਈ ਜਾਂਦਿਆਂ ਟਰੂਡੋ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅਲਬਰਟਾ ਦੀ ਪ੍ਰੀਮੀਅਰ ਵੱਲੋਂ ਉੱਥੋਂ ਦੀ ਵਿਧਾਨਸਭਾ ਨੂੰ ਬਾਇਪਾਸ ਕਰਦਿਆਂ ਹੋਇਆਂ ਆਪਣੀ ਸਰਕਾਰ ਨੂੰ ਜਿਹੜੀਆਂ ਖਾਸ ਸ਼ਕਤੀਆਂ ਦੇਣ ਲਈ ਇਹ ਸੱਭ ਕੀਤਾ ਜਾ ਰਿਹਾ ਹੈ ਉਸ ਨਾਲ ਪਹਿਲਾਂ ਹੀ ਅਲਬਰਟਾ ਵਿੱਚ ਚੁਫੇਰਿਓਂ ਇਤਰਾਜ਼ ਉੱਠ ਰਿਹਾ ਹੈ। ਉਨ੍ਹਾਂ ਆਖਿਆ ਕਿ ਅਸੀਂ ਵੀ ਦੇਖਦੇ ਹਾਂ ਕਿ ਇਹ ਸੱਭ ਕਿਸ ਪਾਸੇ ਜਾਂਦਾ ਹੈ। ਉਨ੍ਹਾਂ ਆਖਿਆ ਕਿ ਉਹ ਕਿਸੇ ਨਾਲ ਲੜਾਈ ਮੁੱਲ ਨਹੀਂ ਲੈਣੀ ਚਾਹੁੰਦੇ ਪਰ ਅਲਬਰਟਾ ਵਾਸੀਆਂ ਦੀ ਹਰ ਕਿਸਮ ਦੀ ਮਦਦ ਲਈ ਫੈਡਰਲ ਸਰਕਾਰ ਹਮੇਸ਼ਾਂ ਤਿਆਰ ਹੈ।

ਮੰਗਲਵਾਰ ਨੂੰ ਸਮਿੱਥ ਨੇ ਵਿਧਾਨਸਭਾ ਵਿੱਚ "ਸੌਵਰੈਨਿਟੀ ਵਿਦਿਨ ਅ ਯੂਨਾਈਟਿਡ ਕੈਨੇਡਾ ਐਕਟ" ਪੇਸ਼ ਕੀਤਾ। ਜਿਸ ਵਿੱਚ ਇਹ ਪ੍ਰਸਤਾਵ ਸੀ ਕਿ ਕੋਈ ਵੀ ਬਿੱਲ ਪਾਸ ਕੀਤੇ ਬਿਨਾਂ ਪ੍ਰੋਵਿੰਸ਼ੀਅਲ ਕਾਨੂੰਨ ਦੁਬਾਰਾ ਲਿਖੇ ਜਾਣ ਲਈ ਉਨ੍ਹਾਂ ਦੀ ਕੈਬਨਿਟ ਨੂੰ ਨਵੀਆਂ ਸ਼ਕਤੀਆਂ ਹਾਸਲ ਹੋ ਸਕਣ।ਇਸ ਦੇ ਨਾਲ ਹੀ ਅਲਬਰਟਾ ਵਾਸੀਆਂ ਨੂੰ ਇਹ ਭਰੋਸਾ ਵੀ ਦਿਵਾਇਆ ਗਿਆ ਕਿ ਇਸ ਲਈ ਕੈਨੇਡਾ ਛੱਡਣ ਦੀ ਲੋੜ ਨਹੀਂ ਹੋਵੇਗੀ।

## ਕੌਂਡੋ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਮਹਿਲਾ ਜ਼ਖ਼ਮੀ

ਟੋਰਾਂਟੋ, 30 ਨਵੰਬਰ (ਪੋਸਟ ਬਿਊਰੋ) : ਟੋਰਾਂਟੋ ਦੇ ਫੋਰਟ ਯੌਰਕ ਇਲਾਕੇ ਵਿੱਚ ਇੱਕ ਕੌਂਡੋ ਵਿੱਚ ਰਾਤ ਸਮੇਂ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਮਹਿਲਾ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈ ਤੇ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਮੰਗਲਵਾਰ ਰਾਤੀਂ 1:30 ਵਜੇ ਦੇ ਨੇੜੇ ਤੇੜੇ ਪੁਲਿਸ ਨੂੰ ਲੇਕ ਸ਼ੋਰ ਬੁਲੇਵਾਰਡ ਤੇ ਬਾਥਰਸਟ ਸਟਰੀਟ ਨੇੜੇ ਫਲੀਟ ਤੇ ਬੈਸਚਨ ਸਟਰੀਟਸ ਉੱਤੇ ਸਥਿਤ ਰਿਹਾਇਸ਼ੀ ਇਮਾਰਤ ਵਿੱਚ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਇੱਕ ਮਹਿਲਾ ਤੇ ਪੁਰਸ਼ ਵਿੱਚ ਕਿਸੇ ਗੱਲ ਨੂੰ ਲੈ ਕੇ ਬਹਿਸ ਹੋ ਗਈ ਤੇ ਗੁੱਸੇ ਵਿੱਚ ਉਸ ਵਿਅਕਤੀ ਨੇ ਮਹਿਲਾ ਉੱਤੇ ਚਾਕੂ ਨਾਲ ਕਈ ਵਾਰ ਕਰ ਦਿੱਤੇ।ਮਹਿਲਾ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਹਮਲਾ ਕਰਨ ਵਾਲਾ ਵਿਅਕਤੀ ਮੌਕੇ ਤੋਂ ਫਰਾਰ ਹੋ ਗਿਆ ਪਰ ਕੁੱਝ ਸਮੇਂ ਬਾਅਦ ਹੀ ਉਸ ਨੂੰ ਕਾਬੂ ਕਰ ਲਿਆ ਗਿਆ।ਉਸ ਨੂੰ ਵੀ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਤੇ ਮਾਮੂਲੀ ਸੱਟਾਂ ਦਾ ਇਲਾਜ ਕੀਤਾ ਗਿਆ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਜੀਟੀਏ ਤੇ ਦੱਖਣੀ ਓਨਟਾਰੀਓ ਵਿੱਚ ਤੇਜ਼ ਹਵਾਵਾਂ ਚੱਲਣ ਤੇ ਮੀਂਹ ਪੈਣ ਦੀ ਸੰਭਾਵਨਾ

ਓਨਟਾਰੀਓ, 30 ਨਵੰਬਰ (ਪੋਸਟ ਬਿਊਰੋ) : ਅੱਜ ਜੀਟੀਏ ਵਿੱਚ ਮੌਸਮ ਥੋੜ੍ਹਾ ਮੀਂਹ ਵਾਲਾ ਤੇ ਤੇਜ਼ ਹਵਾਵਾਂ ਵਾਲਾ ਰਹਿਣ ਦੀ ਸੰਭਾਵਨਾ ਹੈ।



ਟੋਰਾਂਟੋ ਤੇ ਦੱਖਣੀ ਓਨਟਾਰੀਓ ਵਿੱਚ ਐਨਵਾਇਰਮੈਂਟ ਕੈਨੇਡਾ ਵੱਲੋਂ ਸਪੈਸ਼ਲ ਵੈਦਰ ਸਬੰਧੀ ਚੇਤਾਵਨੀ ਜਾਰੀ ਕੀਤੀ ਗਈ ਹੈ। ਏਜੰਸੀ ਵੱਲੋਂ ਦਿੱਤੀ ਗਈ ਚੇਤਾਵਨੀ ਅਨੁਸਾਰ ਬੁੱਧਵਾਰ ਦੁਪਹਿਰ ਨੂੰ ਤੇਜ਼ ਹਵਾਵਾਂ ਚੱਲ ਸਕਦੀਆਂ ਹਨ ਤੇ ਅਜਿਹਾ ਮੌਸਮ ਸ਼ਾਮ ਤੱਕ ਇਸੇ ਤਰ੍ਹਾਂ ਬਣਿਆ ਰਹਿ ਸਕਦਾ ਹੈ। ਬੁੱਧਵਾਰ ਨੂੰ ਜਾਰੀ ਕੀਤੇ ਬਿਆਨ ਵਿੱਚ ਐਨਵਾਇਰਮੈਂਟ ਕੈਨੇਡਾ ਨੇ ਆਖਿਆ ਕਿ ਦੁਪਹਿਰ ਸਮੇਂ 70 ਤੋਂ 80 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਤੇਜ਼ ਹਵਾਵਾਂ ਚੱਲ ਸਕਦੀਆਂ ਹਨ ਤੇ ਸ਼ਾਮ ਸਮੇਂ ਠੰਢ ਦਾ ਜ਼ੋਰ ਹੋਰ ਵੱਧ ਸਕਦਾ ਹੈ।

ਇਸ ਦੌਰਾਨ ਗ੍ਰੇਟ ਲੇਕਜ਼ ਦੇ ਪੂਰਬੀ ਕਿਨਾਰਿਆਂ ਉੱਤੇ ਵੀ ਤੇਜ਼ ਹਵਾਵਾਂ ਚੱਲ ਸਕਦੀਆਂ ਹਨ ਤੇ ਇੱਥੇ ਹਵਾਵਾਂ ਦੀ ਰਫਤਾਰ 90 ਕਿਲੋਮੀਟਰ ਪ੍ਰਤੀ ਘੰਟੇ ਤੱਕ ਪਹੁੰਚ ਸਕਦੀ ਹੈ। ਨਾਇਗਰਾ ਤੇ ਕਿੰਗਸਟਨ ਇਲਾਕੇ ਵਿੱਚ ਵੀ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਬੁੱਧਵਾਰ ਦੁਪਹਿਰ ਤੱਕ ਮੀਂਹ ਪੈਂਦਾ ਰਹਿਣ ਦੀ ਸੰਭਾਵਨਾ ਵੀ ਹੈ। ਸਵੇਰ ਸਮੇਂ ਗਰਜ ਚਮਕ ਨਾਲ ਮੀਂਹ ਪੈ ਸਕਦਾ ਹੈ।

ਸ਼ਹਿਰ ਦਾ ਤਾਪਮਾਨ 11 ਡਿਗਰੀ ਸੈਲਸੀਅਸ ਰਹੇਗਾ ਪਰ ਦੁਪਹਿਰ ਸਮੇਂ ਇਹ ਮਨਫੀ ਡਿਗਰੀ ਤੱਕ ਪਹੁੰਚ ਸਕਦਾ ਹੈ। ਵੀਰਵਾਰ ਨੂੰ ਤਾਪਮਾਨ 3 ਡਿਗਰੀ ਸੈਲਸੀਅਸ ਰਹਿ ਸਕਦਾ ਹੈ। ਸ਼ੁੱਕਰਵਾਰ ਨੂੰ ਤਾਪਮਾਨ 7 ਡਿਗਰੀ ਸੈਲਸੀਅਸ ਰਹਿਣ ਦੇ ਨਾਲ ਨਾਲ ਧੁੱਪ ਵੀ ਨਿਕਲ ਸਕਦੀ ਹੈ। ਵੀਕੈਂਡ ਉੱਤੇ ਸ਼ਨਿੱਚਰਵਾਰ ਨੂੰ ਤਾਪਮਾਨ 9 ਡਿਗਰੀ ਸੈਲਸੀਅਸ ਤੱਕ ਰਹਿ ਸਕਦਾ ਹੈ ਤੇ ਮੀਂਹ ਪੈਣ ਦੀ ਵੀ 60 ਫੀ ਸਦੀ ਸੰਭਾਵਨਾ ਹੈ। ਐਤਵਾਰ ਨੂੰ ਤਾਪਮਾਨ 2 ਡਿਗਰੀ ਸੈਲਸੀਅਸ ਰਹੇਗਾ ਤੇ ਧੁੱਪ ਨਿਕਲਣ ਦੇ ਨਾਲ ਨਾਲ ਬੱਦਲਵਾਈ ਵੀ ਰਹਿ ਸਕਦੀ ਹੈ।

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

NOW HIRING !!!
ALLKIND INSURANCE
Life Insurance | Super Visa Insurance
Critical illness Ins | Mortgage Insurance
Travel & Visitor Ins | Disability Insurance
RESP & TFSA & RRSP | Funeral Insurance
SIMRAN SAINI 416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

INSURANCE
Home | Auto
Business | Trucking
Life Insurance | Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat | MAYTAG | LG | SAMSUNG | Electrolux | JENNAIR | BOSCH | Whirlpool
416-551-5553
WWW.OURRHOMEAPPLIANCES.COM

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licensed Exterminator

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
Licence $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley 905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Royal Pest Control
Residential | Commercial | Industrial
Specialist in Bedbugs Service
All Pest Control
Mouse & Rats | Spiders & Fleas | Bedbugs | Wasps
Cockroaches | Carpenter Ants | Silver Fish | Racoons
Call : PARESH PATEL
416 938 4598

MANN LAW FIRM
Real Estate Law | Business Law
Wills & Estates | Family Law
Power of Attorney | Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਆਇਆ ਬਾਹਰ ਨਾ ਜੇਲ ਤੋਂ ਅਜੇ ਸਿੱਧੂ,
ਬਣ ਗਿਆ ਸਿੱਧੂ ਵਿਵਾਦ ਹੈ ਬੜਾ ਬੇਲੀ।
ਫਿਰ ਤੋਂ ਸਾਡੀ ਤਾਂ ਕਰੂ ਅਗਵਾਈ ਸਿੱਧੂ,
ਮਾਰੇ ਬੜ੍ਹਕਪਿਆ ਸਿੱਧੂ ਦਾ ਧੜਾ ਬੇਲੀ।
ਕਰ ਗਿਆ ਜਿਨ੍ਹਾਂ ਦੇ ਨਾਲ ਵਿਗਾੜ ਸਿੱਧੂ,
ਰਾਹ ਰੋਕਣ ਲਈ ਧੜਾ ਫਿਰ ਖੜਾ ਬੇਲੀ।
ਅਕਾਲੀ ਭਾਜਪਾ ਆਪ ਸਭ ਫਿਰਨ ਰੁੱਸੇ,
ਹਰ ਕੋਈ ਸਿੱਧੂ ਵਿਰੁੱਧ ਆ ਕੜਾ ਬੇਲੀ।
ਪਾਰਟੀ ਆਪਣੀ ਆਣ ਉਹ ਖੜੀ ਕਰ'ਦੂ,
ਇਹ ਵੀ ਹਾਲੀ ਕਣਸੋਅ ਨਾ ਕੋਈ ਬੇਲੀ।
ਜੇ ਨਾ ਸੰਭਲਿਆ, ਹੋਊ ਫਿਰ ਹਾਲ ਮਾੜਾ,
ਉਸ ਨਾਲ ਅੱਗੇ ਵੀ ਘੱਟ ਨਾ ਹੋਈ ਬੇਲੀ।

**ਤੀਸ ਮਾਰ ਖਾਂ**

# ਅੱਜ ਤੋਂ ਨਵੇਂ ਡੈਂਟਲ ਬੈਨੇਫਿਟ ਲਈ ਅਪਲਾਈ ਕਰ ਸਕਣਗੇ ਕੈਨੇਡੀਅਨਜ਼

ਪੰਨਾ 1 ਦਾ ਬਾਕੀ

ਸੀਆਰਏ ਨੇ ਦੱਸਿਆ ਕਿ ਅਪਲਾਈ ਕਰਨ ਲਈ ਕੁੱਝ ਮਿੰਟ ਹੀ ਲੱਗਣਗੇ। ਏਜੰਸੀ ਨੇ ਦੱਸਿਆ ਕਿ ਸਿਸਟਮ ਵਿੱਚ ਹੀ ਵੈਰੀਫਿਕੇਸ਼ਨ ਦਾ ਵੀ ਪ੍ਰਬੰਧ ਹੈ, ਜਿਸ ਵਿੱਚ ਇਹ ਵੀ ਪਤਾ ਲੱਗ ਜਾਂਦਾ ਹੈ ਕਿ ਤੁਹਾਡਾ 2021 ਦਾ ਟੈਕਸ ਰਿਟਰਨ ਭਰਿਆ ਹੋਇਆ ਹੈ ਜਾਂ ਨਹੀਂ। ਇੱਥੇ ਦੱਸਣਾ ਬਣਦਾ ਹੈ ਕਿ ਕੈਨੇਡਾ ਡੈਂਟਲ ਬੈਨੇਫਿਟ 12 ਸਾਲ ਤੋਂ ਘੱਟ ਉਮਰ ਦੇ ਉਨ੍ਹਾਂ ਬੱਚਿਆਂ ਨੂੰ ਮੁਹੱਈਆ ਕਰਵਾਇਆ ਜਾਵੇਗਾ ਜਿਨ੍ਹਾਂ ਦੇ ਪਰਿਵਾਰ ਦੀ ਸਾਲਾਨਾ ਆਮਦਨ 90,000 ਡਾਲਰ ਤੋਂ ਘੱਟ ਹੈ। 70,000 ਡਾਲਰ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਨੂੰ ਹਰ ਬੱਚੇ ਲਈ 650 ਡਾਲਰ ਮਿਲਣਗੇ, ਜਿਨ੍ਹਾਂ ਪਰਿਵਾਰਾਂ ਦੀ ਸਾਲਾਨਾ ਆਮਦਨ 70,000 ਡਾਲਰ ਤੋਂ 79,999 ਡਾਲਰ ਦਰਮਿਆਨ ਹੈ ਉਨ੍ਹਾਂ ਨੂੰ 390 ਡਾਲਰ ਪ੍ਰਤੀ ਬੱਚਾ ਮਿਲਣਗੇ, ਜਿਨ੍ਹਾਂ ਪਰਿਵਾਰਾਂ ਦੀ ਸਾਲਾਨਾ ਆਮਦਨ 80,000 ਡਾਲਰ ਤੋਂ 89,999 ਡਾਲਰ ਹੈ ਉਨ੍ਹਾਂ ਨੂੰ ਹਰ ਬੱਚੇ ਪਿੱਛੇ 260 ਡਾਲਰ ਮਿਲਣਗੇ।

ਪਹਿਲੇ ਪੜਾਅ ਵਿੱਚ ਯੋਗ ਮਾਪਿਆਂ ਨੂੰ ਡੈਂਟਲ ਖਰਚਿਆਂ ਨੂੰ ਪੂਰਾ ਕਰਨ ਲਈ ਟੈਕਸ ਫਰੀ ਅਦਾਇਗੀ ਦਿੱਤੀ ਜਾਵੇਗੀ। ਹਰੇਕ ਯੋਗ ਬੱਚੇ ਲਈ ਮਾਪਿਆਂ ਜਾਂ ਕੇਅਰਗਿਵਰਜ਼ ਨੂੰ ਦੋ ਅਦਾਇਗੀਆਂ ਹਾਸਲ ਹੋਣਗੀਆਂ। ਪਹਿਲੇ ਪੀਰੀਅਡ ਵਿੱਚ ਪਹਿਲੀ ਅਕਤੂਬਰ, 2022 ਤੋਂ 30 ਜੂਨ, 2023 ਤੱਕ ਦੇ ਖਰਚਿਆਂ ਨੂੰ ਪੂਰਾ ਕੀਤਾ ਜਾਵੇਗਾ। ਦੂਜੇ ਪੀਰੀਅਡ ਵਿੱਚ ਪਹਿਲੀ ਜੁਲਾਈ 2023 ਤੇ 30 ਜੂਨ, 2024 ਦਰਮਿਆਨ ਬੱਚੇ ਨੂੰ ਹਾਸਲ ਹੋਣ ਵਾਲੀਆਂ ਡੈਂਟਲ ਸੇਵਾਵਾਂ ਦਾ ਖਰਚਾ ਸਰਕਾਰ ਚੁੱਕੇਗੀ। ਜੇ ਬੱਚੇ ਦੀ ਡੈਂਟਲ ਕੇਅਰ



ਉੱਤੇ 650 ਡਾਲਰ ਤੋਂ ਵੱਧ ਦਾ ਖਰਚਾ ਆਉਂਦਾ ਹੈ ਤੇ ਮਾਪਿਆਂ ਨੇ ਸਿਰਫ ਇੱਕ ਬੈਨੇਫਿਟ ਪੀਰੀਅਡ ਲਈ ਅਪਲਾਈ ਕੀਤਾ ਹੈ ਤਾਂ ਉਹ ਵਾਧੂ ਅਦਾਇਗੀ ਲਈ ਮਾਪਦੰਡਾਂ ਉੱਤੇ ਵੀ ਪੂਰੇ ਉਤਰ ਸਕਦੇ ਹਨ।

ਦੂਜੀ ਕਿਸਮ ਦੀ ਫੈਡਰਲ ਫੰਡਿੰਗ ਜਿਹੜੀ ਕੈਨੇਡੀਅਨਜ਼ ਨੂੰ ਹਾਸਲ ਹੋਵੇਗੀ ਉਹ ਹੈ ਕੈਨੇਡਾ ਹਾਊਸਿੰਗ ਬੈਨੇਫਿਟ ਤਹਿਤ ਇੱਕ ਵਾਰੀ ਮਿਲਣ ਵਾਲੇ 500 ਡਾਲਰ। ਇਸ ਫੰਡਿੰਗ ਲਈ ਐਪਲੀਕੇਸ਼ਨ ਪ੍ਰਕਿਰਿਆ 12 ਦਸੰਬਰ ਤੋਂ ਲਾਂਚ ਕੀਤੀ ਜਾਵੇਗੀ। ਇਸ ਪ੍ਰੋਗਰਾਮ ਤਹਿਤ ਘੱਟ ਆਮਦਨ, ਜਿਨ੍ਹਾਂ ਪਰਿਵਾਰਾਂ ਦੀ ਐਡਜਸਟਿਡ ਕੁੱਲ ਆਮਦਨ 35000 ਡਾਲਰ ਤੋਂ ਵੀ ਘੱਟ ਹੈ, ਵਾਲੇ ਕੈਨੇਡੀਅਨਜ਼ ਜਾਂ 20,000 ਡਾਲਰ ਕਮਾਉਣ ਵਾਲੇ ਕੈਨੇਡੀਅਨਜ਼, ਜਿਨ੍ਹਾਂ ਨੂੰ ਆਪਣੀ ਆਮਦਨ ਦਾ 30 ਫੀ ਸਦੀ ਕਿਰਾਏ ਲਈ ਦੇਣਾ ਪੈਂਦਾ ਹੈ ਜਾਂ ਫਿਰ ਜਿਹੜੇ ਕੈਨੇਡਾ ਵਿੱਚ ਆਪਣੇ ਪ੍ਰਾਇਮਰੀ ਰੈਜ਼ੀਡੈਂਸ ਲਈ ਕਿਰਾਇਆ ਦੇ ਰਹੇ ਹਨ, ਦੀ ਮਦਦ ਕੀਤੀ ਜਾਵੇਗੀ। ਆਪਣਾ ਕਿਰਾਇਆ ਦੇਣ ਲਈ ਮਦਦ ਦੇ ਚਾਹਵਾਨ ਕੈਨੇਡੀਅਨਾਂ ਨੂੰ 500 ਡਾਲਰ ਹਾਸਲ ਕਰਨ ਲਈ ਹੇਠ ਲਿਖੀਆਂ ਗੱਲਾਂ ਦੀ ਪੁਸ਼ਟੀ ਕਰਨੀ ਹੋਵੇਗੀ :

- ਉਨ੍ਹਾਂ ਨੇ 2021 ਵਿੱਚ ਆਪਣਾ ਇਨਕਮ ਟੈਕਸ ਤੇ ਬੈਨੇਫਿਟ ਰਿਟਰਨ ਭਰੀ ਹੈ
- ਪਹਿਲੀ ਦਸੰਬਰ, 2022 ਤੱਕ ਉਹ ਘੱਟੋ ਘੱਟ 15 ਸਾਲ ਦੇ ਸਨ
- 2022 ਵਿੱਚ ਟੈਕਸ ਮਕਸਦ ਲਈ ਉਨ੍ਹਾਂ ਨੂੰ ਦੱਸਣਾ ਹੋਵੇਗਾ ਕਿ ਉਹ ਕੈਨੇਡਾ ਦੇ ਵਾਸੀ ਹਨ
- ਪਹਿਲੀ ਦਸੰਬਰ, 2022 ਤੱਕ ਉਨ੍ਹਾਂ ਦਾ ਮੁੱਖ ਘਰ ਕੈਨੇਡਾ ਵਿੱਚ ਹੈ
- 2022 ਵਿੱਚ ਉਨ੍ਹਾਂ ਆਪਣੇ ਘਰ ਲਈ ਆਪ ਕਿਰਾਇਆ ਦਿੱਤਾ
- ਉਨ੍ਹਾਂ ਆਪਣੀ 2021 ਦੀ ਐਡਜਸਟਿਡ ਕੁੱਲ ਪਰਿਵਾਰਕ ਆਮਦਨ ਦਾ 30 ਫੀ ਸਦੀ 2022 ਕੈਲੰਡਰ ਯੀਅਰ ਲਈ ਕਿਰਾਏ ਉੱਤੇ ਖਰਚਿਆ

ਇਸ ਤੋਂ ਇਲਾਵਾ ਬਿਨੈਕਾਰਾਂ ਨੂੰ ਆਪਣਾ ਪਤਾ, ਉਨ੍ਹਾਂ ਨੇ ਕਿਸ ਨੂੰ ਕਿਰਾਇਆ ਦਿੱਤਾ ਤੇ ਉਸ ਵਿਅਕਤੀ ਨਾਲ ਸੰਪਰਕ ਕਿਵੇਂ ਕੀਤਾ ਜਾਵੇ, ਕਿੰਨੇ ਮਹੀਨੇ ਸਬੰਧਤ ਕਿਰਾਏ ਦੇ ਘਰ ਵਿੱਚ ਗੁਜ਼ਾਰੇ ਆਦਿ ਵਰਗੀ ਜਾਣਕਾਰੀ ਮੁਹੱਈਆ ਕਰਵਾਉਣੀ ਹੋਵੇਗੀ।

## ਸੂਬਾ ਸਰਕਾਰ ਦੀ ਬੰਦ ਪਏ ਅਰਾਮ ਘਰਾਂ ਨੂੰ ਮੁੜ ਸ਼ੁਰੂ ਕਰਨ ਦੀ ਕਵਾਇਦ

### ਸੱਤ ਨਹਿਰੀ ਅਰਾਮ ਘਰਾਂ ਦਾ ਨਵੀਨੀਕਰਨ ਕਰਕੇ ਮੁੜ ਸ਼ੁਰੂ ਕੀਤੇ ਜਾਣਗੇ : ਵਿਜੈ ਕੁਮਾਰ ਜੰਜੂਆ

ਚੰਡੀਗੜ੍ਹ, 30 ਨਵੰਬਰ (ਪੋਸਟ ਬਿਊਰੋ):ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਵਿੱਚ ਸਰਕਾਰੀ ਸਰਕਟ ਹਾਊਸ/ਅਰਾਮ ਘਰਾਂ ਅੰਦਰ ਹੀ ਠਹਿਰਨ ਨੂੰ ਤਰਜੀਹ ਦੇਣ ਅਤੇ ਇਨ੍ਹਾਂ ਨੂੰ ਪੂਰੀ ਤਰ੍ਹਾਂ ਵਰਤੋਂ ਵਿੱਚ ਲਿਆਉਣ ਦੇ ਨਿਰਦੇਸ਼ਾਂ ਤਹਿਤ ਸੂਬਾ ਸਰਕਾਰ ਵੱਲੋਂ ਬੰਦ ਪਏ ਸੱਤ ਨਹਿਰੀ ਅਰਾਮ ਘਰਾਂ ਦੀ ਸ਼ਨਾਖਤ ਕੀਤੀ ਗਈ ਹੈ ਜਿਨ੍ਹਾਂ ਦਾ ਨਵੀਨੀਕਰਨ ਕਰਕੇ ਮੁੜ ਚਾਲੂ ਕੀਤਾ ਜਾਵੇਗਾ।

ਇਹ ਫੈਸਲਾ ਅੱਜ ਇਥੇ ਪੰਜਾਬ ਦੇ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ ਵੱਲੋਂ ਨਹਿਰੀ ਅਰਾਮ ਘਰਾਂ ਨੂੰ ਮੁੜ ਕਾਰਜਸ਼ੀਲ ਕਰਨ ਲਈ ਜਲ ਸ੍ਰੋਤ ਵਿਭਾਗ ਤੇ ਪੰਜਾਬ ਰਾਜ ਬੁਨਿਆਦੀ ਢਾਂਚਾ (ਪੀ.ਆਈ.ਡੀ.ਬੀ.) ਦੇ ਅਧਿਕਾਰੀਆਂ ਨਾਲ ਮੀਟਿੰਗ ਵਿੱਚ ਕੀਤਾ ਗਿਆ।

ਮੀਟਿੰਗ ਉਪਰੰਤ ਵੇਰਵੇ ਦਿੰਦਿਆਂ ਮੁੱਖ ਸਕੱਤਰ ਸ੍ਰੀ ਜੰਜੂਆ ਨੇ ਦੱਸਿਆ ਕਿ ਸੂਬੇ ਵਿੱਚ ਨਹਿਰਾਂ ਦੇ ਕੰਢੇ ਬਣੇ ਕਈ ਨਹਿਰੀ ਅਰਾਮ ਘਰ ਪਿਛਲੇ ਲੰਬੇ ਅਰਸੇ ਤੋਂ ਬੰਦ ਪਏ ਹਨ ਅਤੇ ਉਨ੍ਹਾਂ ਦੀ ਹਾਲਤ ਵੀ ਕਾਫੀ ਖਸਤਾ ਹੋ ਗਈ ਹੈ। ਸੂਬਾ ਸਰਕਾਰ ਵੱਲੋਂ ਪਹਿਲੇ ਪੜਾਅ ਵਿੱਚ ਸੱਤ ਅਰਾਮ ਘਰਾਂ ਦੀ ਸ਼ਨਾਖਤ ਕੀਤੀ ਗਈ ਹੈ ਜਿਨ੍ਹਾਂ ਨੂੰ ਪੀ.ਪੀ.ਪੀ. ਮੋਡ ਉਤੇ ਨਵੀਨੀਕਰਨ ਕਰਕੇ ਚਲਾਇਆ ਜਾ ਸਕਦਾ ਹੈ। ਇਹ ਅਰਾਮ ਘਰ ਢੋਲਬਾਹਾ (ਹੁਸ਼ਿਆਰਪੁਰ), ਖੰਨਾ, ਬਨੂੜ, ਕੱਥੂ ਨੰਗਰ (ਅੰਮ੍ਰਿਤਸਰ), ਸਿੱਧਵਾਂ ਬੇਟ (ਲੁਧਿਆਣਾ) ਤੇ ਚਮਕੌਰ ਸਾਹਿਬ ਸਥਿਤ ਹਨ।

ਮੁੱਖ ਸਕੱਤਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਦੇ ਨਵੀਨੀਕਰਨ ਦੌਰਾਨ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਕਿ ਇਨ੍ਹਾਂ ਅਰਾਮ ਘਰਾਂ ਦੀ ਵਿਰਾਸਤੀ ਦਿੱਖ ਨਾਲ ਕੋਈ ਖਿਲਵਾੜ ਨਾ ਕੀਤਾ ਜਾਵੇ ਅਤੇ ਪੁਰਾਤਨ ਰਵਾਇਤੀ ਦਿੱਖ ਨੂੰ ਕਾਇਮ ਰੱਖਦਿਆਂ ਮੌਜੂਦਾ ਲੋੜਾਂ ਅਨੁਸਾਰ ਅੰਦਰੋਂ ਤਿਆਰ ਕੀਤਾ ਜਾਵੇ। ਉਨ੍ਹਾਂ ਜਲ ਸ੍ਰੋਤ ਵਿਭਾਗ ਨੂੰ ਹੋਰਨਾਂ ਅਜਿਹੇ ਅਰਾਮ ਘਰਾਂ ਦੀ ਸ਼ਨਾਖਤ ਕਰਨ ਬਾਰੇ ਕਿਹਾ ਜਿਹੜੇ ਇਸ ਵੇਲੇ ਖਸਤਾ ਹਾਲ ਕਾਰਨ ਬੰਦ ਪਏ ਹਨ ਅਤੇ ਇਨ੍ਹਾਂ ਨੂੰ ਦੂਜੇ ਪੜਾਅ ਵਿੱਚ ਤਿਆਰ ਕੀਤਾ ਜਾਵੇ।

ਮੀਟਿੰਗ ਵਿੱਚ ਪ੍ਰਮੁੱਖ ਸਕੱਤਰ ਜਲ ਸ੍ਰੋਤ ਕ੍ਰਿਸ਼ਨ ਕੁਮਾਰ, ਪੀ.ਆਈ.ਡੀ.ਬੀ. ਦੇ ਐਮ.ਡੀ. ਮੁਹੰਮਦ ਤਈਅਬ ਤੇ ਐਡੀਸ਼ਨਲ ਐਮ.ਡੀ. ਯਸ਼ਨਜੀਤ ਸਿੰਘ ਵੀ ਹਾਜ਼ਰ ਸਨ।

## ਕੈਨੇਡਾ ਦੀ ਇੰਡੋ-ਪੈਸੇਫਿਕ ਰਣਨੀਤੀ ਨਾਲ ਇਮੀਗ੍ਰੇਸ਼ਨ ਦੇ ਭਵਿੱਖ ਨੂੰ ਦਿੱਤਾ ਜਾ ਰਿਹਾ ਹੈ ਆਕਾਰ

ਓਟਵਾ, 30 ਨਵੰਬਰ (ਪੋਸਟ ਬਿਊਰੋ) : ਇੰਡੋ ਪੈਸੇਫਿਕ ਰੀਜਨ ਨਾਲ ਕੈਨੇਡਾ ਦੇ ਸਬੰਧ ਪੀੜ੍ਹੀਆਂ ਦੇ ਆਪਸੀ ਪਿਆਰ ਨਾਲ ਵਧੇ ਫੁੱਲੇ ਹਨ।

ਕੈਨੇਡਾ ਵਿੱਚ ਨਿਊਕਮਰਜ਼ ਦੇ ਵੱਡੇ ਸਰੋਤ ਤੇ ਦੁਨੀਆ ਵਿੱਚ ਤੇਜ਼ੀ ਨਾਲ ਵਧ ਰਹੇ ਇਕਨੌਮਿਕ ਰੀਜਨ ਵਜੋਂ ਇੰਡੋ-ਪੈਸੇਫਿਕ ਕੈਨੇਡਾ ਦੀ ਇਮੀਗ੍ਰੇਸ਼ਨ ਰਣਨੀਤੀ ਵਿੱਚ ਅਹਿਮ ਭੂਮਿਕਾ ਨਿਭਾਉਣੀ ਜਾਰੀ ਰੱਖੇਗਾ।

ਇੰਡੋ-ਪੈਸੇਫਿਕ ਰਣਨੀਤੀ ਦੇ ਹਿੱਸੇ ਵਜੋਂ ਕੈਨੇਡਾ ਦੇ ਇਮੀਗ੍ਰੇਸ਼ਨ ਸਿਸਟ ਵਿੱਚ ਨਿਵੇਸ਼ ਕਿਸ ਤਰ੍ਹਾਂ ਆਵੇਗਾ ਤੇ ਕਿਸ ਤਰ੍ਹਾਂ ਇਹ ਸਾਡੇ ਲਈ ਖੁਸ਼ਹਾਲੀ ਲਿਆਵੇਗਾ ਇਸ ਬਾਰੇ ਇਮੀਗ੍ਰੇਸ਼ਨ ਮੰਤਰੀ ਸ਼ਾਨ ਫਰੇਜ਼ਰ ਨੇ ਚਾਨਣਾ ਪਾਇਆ। ਉਨ੍ਹਾਂ ਆਖਿਆ ਕਿ ਪੰਜ ਸਾਲਾਂ ਦੇ ਅਰਸੇ ਦੌਰਾਨ 74. 6 ਮਿਲੀਅਨ ਡਾਲਰ ਦੇ ਨਿਵੇਸ਼ ਨਾਲ ਘਰੇਲੂ ਤੇ ਇੰਡੋ-ਪੈਸੇਫਿਕ ਰੀਜਨ, ਜਿਸ ਵਿੱਚ ਨਵੀਂ ਦਿੱਲੀ, ਚੰਡੀਗੜ੍ਹ, ਇਸਲਾਮਾਬਾਦ ਤੇ ਮਨੀਲਾ ਸ਼ਾਮਲ ਹਨ, ਵਿੱਚ ਸਾਡੀ ਐਪਲੀਕੇਸ਼ਨ ਪ੍ਰਕਿਰਿਆ ਨੂੰ ਹੱਲਾਸ਼ੇਰੀ ਮਿਲੇਗੀ।



ਇਨ੍ਹਾਂ ਨਵੇਂ ਸਰੋਤਾਂ ਨਾਲ ਅਸੀਂ ਰੀਜਨ ਤੋਂ ਹਾਸਲ ਹੋਣ ਵਾਲੀਆਂ ਵੀਜ਼ਾ ਅਰਜ਼ੀਆਂ ਦੀ ਭਾਰੀ ਤਾਦਾਦ ਨੂੰ ਸਾਂਭ ਸਕਾਂਗੇ ਤੇ ਪ੍ਰੋਸੈਸਿੰਗ ਟਾਈਮ ਵਿੱਚ ਸੁਧਾਰ ਕਰਨ ਵਿੱਚ ਯੋਗਦਾਨ ਪਾ ਸਕਾਂਗੇ। ਇਸ ਨਾਲ ਸਾਡੇ ਲੋਕਾਂ ਨਾਲ ਸਬੰਧਾਂ ਵਿੱਚ ਵੀ ਸੁਧਾਰ ਹੋਵੇਗਾ ਤੇ ਲੋਕਾਂ ਨੂੰ ਕੈਨੇਡਾ ਲਿਆਉਣ, ਫਿਰ ਭਾਵੇਂ ਉਹ ਘੁੰਮਣ ਆਉਣ, ਸਟੱਡੀ ਲਈ, ਕੰਮ ਲਈ ਜਾਂ ਪਰਮਾਨੈਂਟ ਤੌਰ ਉੱਤੇ ਇਮੀਗ੍ਰੇਟ ਕਰਨ ਲਈ ਆਉਣ, ਦਾ ਸਾਡਾ ਟੀਚਾ ਵੀ ਪੂਰਾ ਹੋਵੇਗਾ।

ਇਸ ਤੋਂ ਇਲਾਵਾ ਅਸੀਂ ਇਹ ਵੀ ਵੇਖਿਆ ਹੈ ਕਿ ਕਿਸ ਤਰ੍ਹਾਂ ਇੰਟਰਨੈਸ਼ਨਲ ਸਟੂਡੈਂਟਸ ਨੇ ਕੈਨੇਡਾ ਦੇ ਸਮਾਜਕ ਤੇ ਆਰਥਿਕ ਖੇਤਰਾਂ ਵਿੱਚ ਯੋਗਦਾਨ ਪਾਇਆ ਹੈ। ਪਿਛਲੇ ਸਾਲਾਂ ਵਿੱਚ ਇੰਡੋ-ਪੈਸੇਫਿਕ ਰੀਜਨ ਤੋਂ ਲੱਗਭਗ ਦੋ ਤਿਹਾਈ ਇੰਟਰਨੈਸ਼ਨਲ ਸਟੂਡੈਂਟ ਕੈਨੇਡਾ ਆਏ। ਹਰ ਸਾਲ ਇਨ੍ਹਾਂ ਵਿੱਚੋਂ ਹਜ਼ਾਰਾਂ ਵਿਦਿਆਰਥੀ ਕੈਨੇਡਾ ਦੇ ਪੱਕੇ ਵਸਨੀਕ ਬਣਦੇ ਹਨ, ਹਜ਼ਾਰਾਂ ਇੱਥੋਂ ਤਾਲੀਮ ਲੈ ਕੇ ਆਪਣੇ ਘਰਾਂ ਨੂੰ ਪਰਤ ਜਾਂਦੇ ਹਨ ਤੇ ਉਨ੍ਹਾਂ ਦੇ ਵੀ ਕੈਨੇਡਾ ਨਾਲ ਨੇੜਲਾ ਸਬੰਧ ਬਣ ਜਾਂਦਾ ਹੈ।

ਇੰਡੋ-ਪੈਸੇਫਿਕ ਰਣਨੀਤੀ ਰਾਹੀਂ ਹਾਸਲ ਹੋਣ ਵਾਲੇ ਫੰਡਾਂ ਨਾਲ ਕੈਨੇਡਾ ਦੇ ਇੰਟਰਨੈਸ਼ਨਲ ਸਟੂਡੈਂਟ ਪ੍ਰੋਗਰਾਮ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਦਦ ਮਿਲੇਗੀ ਤੇ ਇੱਥੇ ਪੜ੍ਹਣ ਦੀ ਤਾਂਘ ਰੱਖਣ ਵਾਲਿਆਂ ਨਾਲ ਰੀਜਨ ਵਿੱਚ ਵੰਨ ਸੁਵੰਨਤਾ ਵੀ ਵਧੇਗੀ। ਇਹੋ ਵਿਦਿਆਰਥੀ ਅੱਗੇ ਚੱਲ ਕੇ ਕੈਨੇਡਾ ਵਿੱਚ ਸਕਿੱਲਡ ਵਰਕਰਜ਼ ਬਣਨਗੇ ਤੇ ਸਾਡੇ ਅਰਥਚਾਰੇ ਨੂੰ ਦਰਪੇਸ਼ ਚੁਣੌਤੀਆਂ ਨੂੰ ਖ਼ਤਮ ਕਰਨ ਵਿੱਚ ਮਦਦ ਕਰਨਗੇ।

## ਵਾਹਨ ਫਿਟਨੈਸ ਸਰਟੀਫਿਕੇਟ ਘੁਟਾਲੇ ਵਿਚ ਸ਼ਾਮਲ ਭਗੌੜਾ ਏਜੰਟ ਗ੍ਰਿਫ਼ਤਾਰ

ਚੰਡੀਗੜ੍ਹ, 30 ਨਵੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਵਾਹਨ ਫਿਟਨੈਸ ਸਰਟੀਫਿਕੇਟ ਘੁਟਾਲੇ ਵਿੱਚ ਜਲੰਧਰ ਵਿਖੇ ਤਾਇਨਾਤ ਮੋਟਰ ਵਹੀਕਲ ਇੰਸਪੈਕਟਰ (ਐਮ.ਵੀ.ਆਈ.) ਨਰੇਸ਼ ਕਲੇਰ ਨਾਲ ਮਿਲੀਭੁਗਤ ਕਰਨ ਵਾਲੇ ਇੱਕ ਹੋਰ ਭਗੌੜੇ ਮੁਲਜ਼ਮ ਏਜੰਟ ਵਰਿੰਦਰ ਸਿੰਘ ਦੀਪੂ, ਵਾਸੀ ਬਸਤੀ ਗੁਜਾਂ, ਜਲੰਧਰ ਨੂੰ ਗ੍ਰਿਫ਼ਤਾਰ ਕੀਤਾ ਹੈ। ਵਿਜੀਲੈਂਸ ਬਿਊਰੋ ਨੇ ਉਸ ਦਾ ਮੋਬਾਈਲ ਫ਼ੋਨ ਅਤੇ ਸਿਮ ਕਾਰਡ ਜ਼ਬਤ ਕਰ ਲਿਆ ਹੈ ਜੋ ਇਸ ਘਪਲੇ ਬਾਰੇ ਹੋਰ ਜਾਣਕਾਰੀ ਇਕੱਠੀ ਕਰਨ ਲਈ ਡਾਟਾ ਮਾਹਿਰਾਂ ਨੂੰ ਭੇਜਿਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਨੇ ਐਮ.ਵੀ.ਆਈ., ਜਲੰਧਰ ਦੇ ਦਫ਼ਤਰ ਵਿਖੇ ਅਚਨਚੇਤ ਚੈਕਿੰਗ ਕੀਤੀ ਅਤੇ ਵੱਡੇ ਪੱਧਰ 'ਤੇ ਪ੍ਰਾਈਵੇਟ ਏਜੰਟਾਂ ਨਾਲ ਮਿਲੀਭੁਗਤ ਕਰਕੇ ਵਪਾਰਕ ਅਤੇ ਨਿੱਜੀ ਵਾਹਨਾਂ ਦੀ ਜਾਂਚ ਕੀਤੇ ਬਿਨਾਂ ਫਿਟਨੈਸ ਸਰਟੀਫਿਕੇਟ ਜਾਰੀ ਕਰਨ ਲਈ ਕੀਤੇ ਜਾ ਰਹੇ ਸੰਗਠਿਤ ਭ੍ਰਿਸ਼ਟਾਚਾਰ ਦਾ ਪਰਦਾਫਾਸ਼ ਕੀਤਾ ਸੀ। ਬੁਲਾਰੇ ਨੇ ਅੱਗੇ ਦੱਸਿਆ ਕਿ ਪੁਖਤਾ ਸਬੂਤਾਂ ਦੇ ਆਧਾਰ 'ਤੇ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਵਿਖੇ ਮੁਕੱਦਮਾ ਨੰਬਰ 14 ਮਿਤੀ 23-08-2022 ਨੂੰ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 7ਏ ਅਤੇ ਆਈਪੀਸੀ ਦੀ ਧਾਰਾ 420, 120-ਬੀ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪਾਕਿਸਤਾਨ ਵਿਚ 25 ਕਿਲੋ ਵਿਸਫੋਟਕਾਂ ਨਾਲ ਪੁਲਿਸ ਟਰੱਕ 'ਤੇ ਅੱਤਵਾਦੀ ਹਮਲਾ, ਟੀਟੀਪੀ ਨੇ ਲਈ ਜ਼ਿੰਮੇਵਾਰੀ



ਕਵੇਟਾ, 30 ਨਵੰਬਰ (ਪੋਸਟ ਬਿਊਰੋ)- ਪਾਕਿਸਤਾਨ ਦੇ ਕਵੇਟਾ ਸ਼ਹਿਰ 'ਚ ਬੁੱਧਵਾਰ ਨੂੰ ਹੋਏ ਆਤਮਘਾਤੀ ਅੱਤਵਾਦੀ ਹਮਲੇ 'ਚ 3 ਲੋਕਾਂ ਦੀ ਮੌਤ ਹੋ ਗਈ ਅਤੇ ਘੱਟੋ-ਘੱਟ 23 ਜ਼ਖਮੀ ਹੋ ਗਏ। ਮਰਨ ਵਾਲਿਆਂ ਵਿੱਚ ਇੱਕ ਪੁਲਿਸ ਮੁਲਾਜ਼ਮ, ਇੱਕ ਬੱਚਾ ਅਤੇ ਇੱਕ ਔਰਤ ਸ਼ਾਮਲ ਹੈ। ਅਖਬਾਰ 'ਡਾਨ' ਨੇ ਕਵੇਟਾ ਦੇ ਡਿਪਟੀ ਇੰਸਪੈਕਟਰ ਜਨਰਲ ਗੁਲਾਮ ਅਜ਼ਫਰ ਮਹੇਸਰ ਦੇ ਹਵਾਲੇ ਨਾਲ ਇਹ ਜਾਣਕਾਰੀ ਦਿੱਤੀ। ਪਾਕਿਸਤਾਨ ਦੇ ਤਹਿਰੀਕ-ਏ-ਤਾਲਿਬਾਨ (ਟੀਟੀਪੀ) ਸੰਗਠਨ ਨੇ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਹਮਸੇਰ ਨੇ ਕਿਹਾ, "ਅੱਜ ਇੱਕ ਟਰੱਕ ਕਵੇਟਾ ਦੇ ਬਲੇਲੀ ਪਿੰਡ ਵਿੱਚ ਪੋਲੀਓ ਟੀਕਾਕਰਨ ਵਿੱਚ ਲੱਗੇ ਪੁਲਿਸ ਮੁਲਾਜ਼ਮਾਂ ਦੀ ਸੁਰੱਖਿਆ ਲਈ ਜਾ ਰਿਹਾ ਸੀ। ਉਸੇ ਸਮੇਂ ਇਕ ਆਤਮਘਾਤੀ ਅੱਤਵਾਦੀ ਨੇ ਉਸੇ ਟਰੱਕ ਨੂੰ ਨਿਸ਼ਾਨਾ ਬਣਾ ਕੇ ਧਮਾਕਾ ਕਰ ਦਿੱਤਾ, ਜਿਸ ਵਿਚ ਘੱਟੋ-ਘੱਟ 3 ਲੋਕਾਂ ਦੀ ਮੌਤ ਹੋ ਗਈ ਅਤੇ 23 ਜ਼ਖਮੀ ਹੋ ਗਏ। ਹਮਲੇ ਵਿੱਚ ਟਰੱਕ ਦੇ ਨਾਲ-ਨਾਲ ਦੋ ਹੋਰ ਵਾਹਨ ਵੀ ਨੁਕਸਾਨੇ ਗਏ। ਹਮਲੇ ਲਈ ਕਰੀਬ 25 ਕਿਲੋ ਵਿਸਫੋਟਕ ਸਮੱਗਰੀ ਵਰਤੀ ਗਈ ਸੀ। ਉਨ੍ਹਾਂ ਦੱਸਿਆ ਕਿ ਜ਼ਖ਼ਮੀਆਂ ਨੂੰ ਕਵੇਟਾ ਦੇ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ।

ਫਿਲਹਾਲ ਕਵੇਟਾ ਦੇ ਸੀਨੀਅਰ ਪੁਲਸ ਸੁਪਰਡੈਂਟ ਅਬਦੁਲ ਹੱਕ ਉਮਰਾਨੀ ਨੇ 'ਡਾਨ' ਨੂੰ ਦੱਸਿਆ ਕਿ ਹਮਲੇ ਵਾਲੇ ਇਲਾਕੇ ਨੂੰ ਅਸਥਾਈ ਤੌਰ 'ਤੇ ਬੰਦ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਸ ਦੌਰਾਨ ਬਲੋਚਿਸਤਾਨ ਦੇ ਮੁੱਖ ਮੰਤਰੀ ਅਬਦੁਲ ਕੁੱਦੁਸ ਬਿਜੈਂਜੋ ਨੇ ਇੱਕ ਬਿਆਨ ਵਿੱਚ ਹਮਲੇ ਦੀ ਨਿੰਦਾ ਕੀਤੀ ਅਤੇ ਅਧਿਕਾਰੀਆਂ ਨੂੰ ਜ਼ਖਮੀਆਂ ਨੂੰ ਬਿਹਤਰ ਇਲਾਜ ਲਈ ਤੁਰੰਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ।

ਬਿਜੈਂਜੋ ਨੇ ਕਿਹਾ, "ਇਹ ਹਮਲਾ ਅਜਿਹੇ ਸਮੇਂ ਕੀਤਾ ਜਾ ਰਿਹਾ ਹੈ ਜਦੋਂ ਅਸੀਂ ਆਪਣੇ ਰਾਜ ਬਲੋਚਿ-ਸਤਾਨ ਵਿੱਚ ਸ਼ਾਂਤੀ ਸਥਾਪਤ ਕਰਨ ਦਾ ਪੱਕਾ ਇਰਾਦਾ ਲਿਆ ਹੈ। ਦਹਿਸ਼ਤਗਰਦ ਸਾਡੇ ਇਸ ਸੰਕਲਪ ਨੂੰ ਤੋੜਨਾ ਚਾਹੁੰਦੇ ਹਨ, ਇਸ ਲਈ ਉਨ੍ਹਾਂ ਨੇ ਅਜਿਹੀ "ਕਾਇਰਤਾਪੂਰਨ" ਕਾਰਵਾਈ ਕੀਤੀ। ਹਮਲੇ ਵਿੱਚ ਸ਼ਾਮਲ ਸਾਰੇ ਲੋਕਾਂ ਨੂੰ ਕਾਨੂੰਨ ਦੇ ਤਹਿਤ ਸਜ਼ਾ ਦਿੱਤੀ ਜਾਵੇਗੀ।"

# ਬਿਲਕਿਸ ਬਾਨੋ ਨੇ ਸਮੂਹਿਕ ਬਲਾਤਕਾਰ ਅਤੇ ਕਤਲ ਦੇ ਦੋਸ਼ੀਆਂ ਨੂੰ ਬਰੀ ਕਰਨ ਨੂੰ ਦਿੱਤੀ ਚੁਣੌਤੀ

* ਕਿਹਾ, 'ਇਹ ਅਣਮਨੁੱਖੀ ਹਿੰਸਾ-ਬੇਰਹਿਮੀ ਦੇ ਘਿਨਾਉਣੇ ਅਪਰਾਧਾਂ ਵਿੱਚੋਂ ਇੱਕ ਹੈ'

ਨਵੀਂ ਦਿੱਲੀ, 30 ਨਵੰਬਰ (ਪੋਸਟ ਬਿਊਰੋ)- ਬਿਲਕਿਸ ਬਾਨੋ ਨੇ 2002 ਦੇ ਗੁਜਰਾਤ ਦੰਗਿਆਂ ਵਿੱਚ ਆਪਣੇ ਪਰਿਵਾਰ ਨਾਲ ਸਮੂਹਿਕ ਬਲਾਤਕਾਰ ਅਤੇ ਹੱਤਿਆ ਦੇ ਦੋਸ਼ੀ 11 ਲੋਕਾਂ ਦੀ ਰਿਹਾਈ ਨੂੰ ਚੁਣੌਤੀ ਦਿੰਦੇ ਹੋਏ ਸੁਪਰੀਮ ਕੋਰਟ ਵਿੱਚ ਸ਼ਰਨ ਲਈ ਹੈ। ਬਿਲਕਿਸ ਨੇ ਆਪਣੀ ਜਨਹਿੱਤ ਪਟੀਸ਼ਨ 'ਚ ਕਿਹਾ, "ਦੋਸ਼ੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਨਾ ਸਿਰਫ ਬਿਲਕਿਸ, ਉਸ ਦੀਆਂ ਵੱਡੀਆਂ ਧੀਆਂ, ਉਸ ਦੇ ਪਰਿਵਾਰ ਲਈ, ਸਗੋਂ ਪੂਰੇ ਸਮਾਜ ਲਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਇਕ ਝਟਕਾ ਹੈ। ਬਿਲਕੀਸ ਨੂੰ ਦੋਸ਼ੀਆਂ ਰਿਹਾਈ ਦੀ ਹੈਰਾਨ ਕਰਨ ਵਾਲੀ ਖਬਰ ਦਾ ਉਦੋਂ ਹੀ ਪਤਾ ਲੱਗਾ ਜਦੋਂ ਉਹ ਰਿਹਾ ਹੋ ਗਏ। ਉਨ੍ਹਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ ਅਤੇ ਮਠਿਆਈਆਂ ਵੰਡੀਆਂ ਗਈਆਂ। ਇਹ ਘਟਨਾ ਮਨੁੱਖਾਂ ਦੇ ਇੱਕ ਸਮੂਹ ਦੁਆਰਾ ਬੇਸਹਾਰਾ ਅਤੇ ਨਿਰਦੋਸ਼ ਲੋਕਾਂ ਉਤੇ ਕੀਤੇ ਗਏ ਅਤਿਅੰਤ ਅਣਮਨੁੱਖੀ ਹਿੰਸਾ ਅਤੇ ਬੇਰਹਿਮੀ ਦੇ ਸਭ ਤੋਂ ਘਿਨਾਉਣੇ ਅਪਰਾਧਾਂ ਵਿੱਚੋਂ ਇੱਕ ਹੈ। ਇਨ੍ਹਾਂ ਵਿੱਚੋਂ ਜ਼ਿਆਦਾਤਰ ਔਰਤਾਂ ਜਾਂ ਨਾਬਾਲਗ ਸਨ। ਇੱਕ ਵਿਸ਼ੇਸ਼ ਭਾਈਚਾਰੇ ਪ੍ਰਤੀ ਨਫ਼ਰਤ ਤੋਂ ਪ੍ਰੇਰਿਤ ਹੋ ਕੇ ਉਸ ਦਾ ਕਈ ਦਿਨਾਂ ਤੱਕ ਪਿੱਛਾ ਕੀਤਾ ਗਿਆ।

ਪਟੀਸ਼ਨ ਵਿਚ ਇਹ ਵੀ ਕਿਹਾ ਗਿਆ ਹੈ ਕਿ ਗੁਜਰਾਤ ਸਰਕਾਰ ਦਾ ਸਮੇਂ ਤੋਂ ਪਹਿਲਾਂ ਰਿਹਾਈ ਦਾ ਹੁਕਮ ਇਕ ਮਸ਼ੀਨੀ ਹੁਕਮ ਹੈ, ਅਪਰਾਧ ਦਾ ਸ਼ਿਕਾਰ ਹੋਣ ਦੇ ਬਾਵਜੂਦ ਉਸ ਨੂੰ ਰਿਹਾਈ ਦੀ ਅਜਿਹੀ ਕਿਸੇ ਪ੍ਰਕਿਰਿਆ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ, ਉਹ ਇਸ ਰਿਹਾਈ ਤੋਂ ਬੇਹੱਦ ਦੁਖੀ, ਪ੍ਰੇਸ਼ਾਨ ਹੈ। ਉਸਨੇ ਰਾਜ ਸਰਕਾਰ ਕੋਲ ਸਾਰੇ ਦੋਸ਼ੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਨਾਲ ਸਬੰਧਤ ਕਾਗਜ਼ਾਤ/ਮੁਕੰਮਲ ਫਾਈਲਾਂ ਦੀ ਬੇਨਤੀ ਕਰਨ ਲਈ ਪਹੁੰਚ ਕੀਤੀ ਸੀ, ਪਰ ਯਾਦ ਦਿਵਾਉਣ ਦੇ ਬਾਵਜੂਦ ਰਾਜ ਸਰਕਾਰ ਵੱਲੋਂ ਕੋਈ ਜਵਾਬ ਜਾਂ ਕਾਗਜ਼ ਨਹੀਂ ਆਇਆ।

ਮਹੱਤਵਪੂਰਨ ਗੱਲ ਇਹ ਹੈ ਕਿ ਸੁਪਰੀਮ ਕੋਰਟ ਪਹਿਲਾਂ ਹੀ ਐਲਾਨ ਕਰ ਚੁੱਕੀ ਹੈ ਕਿ ਸਮੂਹਿਕ ਛੋਟ ਸਵੀਕਾਰ ਨਹੀਂ ਹੈ ਅਤੇ ਹਰੇਕ ਦੋਸ਼ੀ ਦੇ ਕੇਸ ਨੂੰ ਉਨ੍ਹਾਂ ਦੇ ਵਿਸ਼ੇਸ਼ ਤੱਥਾਂ ਅਤੇ ਅਪਰਾਧ ਵਿੱਚ ਨਿਭਾਈ ਗਈ ਭੂਮਿਕਾ ਦੇ ਆਧਾਰ 'ਤੇ ਵਿਅਕਤੀਗਤ ਤੌਰ 'ਤੇ ਜਾਂਚ ਕੀਤੇ ਜਾਣ ਦੀ ਲੋੜ ਹੈ।

# ਇਜ਼ਰਾਈਲੀ ਫਿਲਮ ਨਿਰਮਾਤਾ ਨੇ ਆਪਣੀ ਗੱਲ ਦੁਹਰਾਈ, ਕਿਹਾ 'ਕਸ਼ਮੀਰ ਫਾਈਲਜ਼ ਵਿੱਚ ਫਾਸੀਵਾਦੀ ਗੁਣ'



ਨਵੀਂ ਦਿੱਲੀ, 30 ਨਵੰਬਰ (ਪੋਸਟ ਬਿਊਰੋ)- ਇਜ਼ਰਾਈਲੀ ਫਿਲਮ ਨਿਰਮ-ਾਤਾ ਨਦਾਵ ਲੈਪਿਡ, ਜਿਨ੍ਹਾਂ ਦੀ ਇਕ ਫਿਲਮ ਫੈਸਟੀਵਲ ਵਿਚ ਫਿਲਮ 'ਦੀ ਕਸ਼ਮੀਰ ਫਾਈਲਜ਼' 'ਤੇ ਤਿੱਖੀ ਪ੍ਰਤੀਕਿਰਿਆ ਆਈ ਸੀ, ਆਪਣੇ ਸਟੈਂਡ 'ਤੇ ਕਾਇਮ ਹੈ ਅਤੇ ਕਿਹਾ ਹੈ ਕਿ "ਕਿਸੇ ਨੂੰ ਤਾਂ ਆਪਣੀ ਆਵਾਜ਼ ਚੁੱਕਣੀ ਪਵੇਗੀ।" ਗੋਆ ਵਿੱਚ ਅੰਤਰਰਾਸ਼ਟਰੀ ਫਿਲਮ ਫੈਸਟੀਵਲ ਵਿੱਚ ਅੰਤਰਰਾਸ਼ਟਰੀ ਜਿਊਰੀ ਦੇ ਪ੍ਰਧਾਨ ਲੈਪਿਡ ਨੇ ਫੈਸਟੀਵਲ ਦੇ ਸਮਾਪਤੀ ਸਮਾਰੋਹ ਵਿੱਚ ਕਿਹਾ ਕਿ ਵਿਵੇਕ ਅਗਨੀਹੋਤਰੀ ਦੇ ਨਿਰਦੇਸ਼ਨ ਵਿੱਚ ਬਣੀ ਫਿਲਮ 'ਪ੍ਰੋਪਗੈਂਡਾ ਅਤੇ ਅਸ਼ਲੀਲ' ਸੀ। ਉਸ ਨੇ ਕਿਹਾ ਕਿ ਜਿਊਰੀ ਫਿਲਮ ਦੀ ਸਕ੍ਰੀਨਿੰਗ 'ਤੇ ਵਿਚਲਿਤ ਸੀ।

ਉਨ੍ਹਾਂ ਅੱਗੇ ਕਿਹਾ, "ਅਸੀਂ ਮਹਿਸੂਸ ਕੀਤਾ ਕਿ ਇੱਕ ਸਨਮਾਨਜਨਕ ਫਿਲਮ ਫੈਸਟੀਵਲ ਵਿੱਚ ਪ੍ਰੋਪਗੈਂਡਾ ਫਿਲਮ ਕਲਾਤਮਕ ਮੁਕਾਬਲੇ ਵਾਲੇ ਭਾਗ ਵਿੱਚ ਦਿਖਾਈ ਗਈ। ਉਨ੍ਹਾਂ ਦੀ ਇਸ ਟਿੱਪਣੀ ਨੂੰ ਲੈ ਕੇ ਵੱਡਾ ਵਿਵਾਦ ਖੜ੍ਹਾ ਹੋ ਗਿਆ ਸੀ। ਕਈਆਂ ਨੇ ਪੁਰਸਕਾਰ ਜੇਤੂ ਫਿਲਮ ਨਿਰਮਾਤਾ 'ਤੇ ਕਸ਼ਮੀਰੀ ਪੰਡਤਾਂ ਦੀ ਦੁਰਦਸ਼ਾ ਪ੍ਰਤੀ ਅਸੰਵੇਦਨਸ਼ੀਲ ਹੋਣ ਦਾ ਦੋਸ਼ ਲਗਾਇਆ, ਜਿਨ੍ਹਾਂ ਨੂੰ 90 ਦੇ ਦਹਾਕੇ ਵਿਚ ਖਾੜਕੂਵਾਦ ਕਾਰਨ ਘਾਟੀ ਤੋਂ ਭੱਜਣਾ ਪਿਆ ਸੀ। ਬਹੁਤ ਸਾਰੇ ਲੋਕ ਹੈਰਾਨ ਸਨ ਕਿ ਹੋਲੋਕਾਸਟ ਝੱਲਣ ਵਾਲੇ ਭਾਈਚਾਰੇ ਤੋਂ ਕੋਈ ਵਿਅਕਤੀ ਅਜਿਹੀ ਟਿੱਪਣੀ ਕਿਵੇਂ ਕਰ ਸਕਦਾ ਹੈ।

ਇਜ਼ਰਾਈਲੀ ਨਿਊਜ਼ ਵੈਬਸਾਈਟ ਯਨੈੱਟ ਤੋਂ ਹਿਬਰੂ ਵਿੱਚ ਫੋਨ ਗੱਲਬਾਤ ਦੇ ਅਨੁ-ਵਾਦ ਦੇ ਅਨੁਸਾਰ, ਲੈਪਿਡ ਨੇ ਕਿਹਾ ਕਿ ਇੱਥੇ ਕੀ ਹੋ ਰਿਹਾ ਹੈ, ਪਾਗਲਪਨ ਹੈ। ਇਹ ਭਾਰਤ ਸਰਕਾਰ ਦਾ ਤਿਉਹਾਰ ਹੈ, ਇਹ ਭਾਰਤ ਦਾ ਸਭ ਤੋਂ ਵੱਡਾ ਫਿਲਮ ਮੇਲਾ ਹੈ। ਇਹ ਇੱਕ ਅਜਿਹੀ ਫਿਲਮ ਹੈ ਜੋ ਭਾਰਤ ਸਰਕਾਰ ਦੁਆਰਾ ਨਹੀਂ ਬਣਾਈ ਗਈ ਸੀ, ਪਰ ਇਸ ਨੂੰ ਬਹੁਤ ਸਾਰਾ ਸਰਕਾਰੀ ਸਮਰਥਨ ਮਿਲਿਆ ਸੀ। ਇਹ ਅਸਲ ਵਿੱਚ ਕਸ਼ਮੀਰ ਵਿੱਚ ਭਾਰਤੀ ਨੀਤੀ ਨੂੰ ਜਾਇਜ਼ ਠਹਿਰਾਉਂਦਾ ਹੈ ਅਤੇ ਇਸ ਵਿੱਚ ਫਾਸੀਵਾਦੀ ਵਿਸ਼ੇਸ਼ਤਾਵਾਂ ਵੀ ਹਨ। "

ਉਨ੍ਹਾਂ ਕਿਹਾ ਕਿ ਅਜਿਹੇ ਦਾਅਵੇ ਕੀਤੇ ਜਾ ਰਹੇ ਹਨ ਕਿ ਫਿਲਮ ਵਿੱਚ ਬੁੱਧੀਜੀਵੀ ਵਰਗ ਅਤੇ ਮੀਡੀਆ ਤੋਂ ਛੁਪਿਆ ਪੱਖ ਸਾਹਮਣੇ ਲਿਆਂਦਾ ਗਿਆ ਹੈ। ਇਹ ਹਮੇਸ਼ਾ ਇੱਕ ਢੰਗ ਨਾਲ ਬਣਾਇਆ ਜਾਂਦਾ ਹੈ - ਕਿ ਇੱਕ ਬਾਹਰੀ ਦੁਸ਼ਮਣ ਹੈ ਅਤੇ ਫਿਰ ਅੰਦਰ ਕੁਝ ਗੱਦਾਰ ਹਨ। ਫਿਲਮ ਦਾ ਪ੍ਰਚਾਰ ਸੱਤਾਧਾਰੀ ਪਾਰਟੀ ਭਾਜਪਾ ਦੇ ਆਗੂਆਂ ਵੱਲੋਂ ਕੀਤਾ ਗਿਆ। ਇਹ ਵਪਾਰਕ ਤੌਰ 'ਤੇ ਸਫਲ ਰਿਹਾ ਪਰ ਇਸ 'ਤੇ ਫਿਰਕੂ ਭਾਵਨਾਵਾਂ ਭੜਕਾਉਣ ਦਾ ਦੋਸ਼ ਵੀ ਲੱਗਾ। ਲੈਪਿਡ ਦੀ ਟਿੱਪਣੀ ਤੋਂ ਬਾਅਦ, ਸੋਸ਼ਲ ਮੀਡੀਆ 'ਤੇ ਬਹੁਤ ਸਾਰੇ ਯੂਜਰਜ਼ ਅਤੇ ਜਨਤਕ ਨੁਮਾਇੰਦਿਆਂ ਨੇ ਇਹ ਵੀ ਕਿਹਾ ਕਿ ਉਸ ਨੇ ਇੱਕ ਪ੍ਰੋਪਗੈਂਡਾ ਨੂੰ ਸਾਹਮਣੇ ਰੱਖਿਆ ਹੈ।

ਫਿਲਮ ਨਿਰਮਾਤਾ ਦੀ ਇਸ ਟਿੱਪਣੀ ਦੀ ਭਾਰਤ ਵਿੱਚ ਇਜ਼ਰਾਈਲ ਦੇ ਰਾਜਦੂਤ ਨੇ ਸਖ਼ਤ ਆਲੋਚਨਾ ਕੀਤੀ ਸੀ। ਇਜ਼ਰਾਈਲ ਦੇ ਰਾਜਦੂਤ ਨਾਓਰ ਗਿਲਨ ਨੇ ਕਿਹਾ ਕਿ "ਲੈਪਿਡ ਨੂੰ ਸ਼ਰਮਿੰਦਾ ਹੋਣਾ ਚਾਹੀਦਾ ਹੈ" ਅਤੇ ਮੁਆਫੀ ਮੰਗਣੀ ਚਾਹੀਦੀ ਹੈ।

ਇਕ ਇੰਟਰਵਿਊ 'ਚ ਲੈਪਿਡ ਨੇ ਕਿਹਾ, ਮੈਂ ਸੋਚ ਰਿਹਾ ਹਾਂ ਕਿ ਅਗਲੇ ਸਾਲ ਜਾਂ ਡੇਢ ਸਾਲ 'ਚ ਇਜ਼ਰਾਈਲ ਤੋਂ ਵੀ ਅਜਿਹੀ ਹੀ ਕੋਈ ਫਿਲਮ ਬਣਾਈ ਜਾਵੇਗੀ। ਇਸ ਵਿੱਚ ਪਾਰਦਰਸ਼ੀ ਢੰਗ ਨਾਲ ਪ੍ਰਚਾਰ, ਫਾਸੀਵਾਦ ਅਤੇ ਅਸ਼ਲੀਲਤਾ ਹੋਵੇ।"

# 37 ਹਜਾਰ ਫੁੱਟ 'ਤੇ ਜਹਾਜ਼ ਦਾ ਦਰਵਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕਰਨ ਵਾਲੀ ਔਰਤ ਦਾ ਦਾਅਵਾ, 'ਯਿਸੂ ਨੇ ਹੁਕਮ ਦਿੱਤਾ'



ਅਮਰੀਕਾ, 30 ਨਵੰਬਰ (ਪੋਸਟ ਬਿਊਰੋ)- ਅਮਰੀਕਾ 'ਚ ਇਕ ਫਲਾਈਟ ਦੀ ਐਮਰਜੈਂਸੀ ਲੈਂਡਿੰਗ ਤੋਂ ਬਾਅਦ ਇਕ ਔਰਤ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇਸ ਔਰਤ ਨੇ 37 ਹਜਾਰ ਫੁੱਟ ਦੀ ਉਚਾਈ 'ਤੇ ਉੱਡਦੇ ਜਹਾਜ਼ ਦਾ ਦਰਵਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕੀਤੀ। ਯੂਐਸ ਡਿਸਟ੍ਰਿਕਟ ਕੋਰਟ ਦੁਆਰਾ ਜਾਰੀ ਕੀਤੇ ਗਏ ਦਸਤਾਵੇਜ਼ਾਂ ਤੋਂ ਪਤਾ ਚੱਲਦਾ ਹੈ ਕਿ 34 ਸਾਲਾ ਇਲੋਮ ਐਗਬੇਗਨੀਨੋ ਨੇ ਦਾਅਵਾ ਕੀਤਾ ਕਿ ਉਸਨੇ ਅਜਿਹਾ ਇਸ ਲਈ ਕੀਤਾ ਕਿਉਂਕਿ "ਯਿਸੂ ਮਸੀਹ ਨੇ ਉਸਨੂੰ ਹਵਾਈ ਜਹਾਜ਼ ਦਾ ਦਰਵਾਜ਼ਾ ਖੋਲ੍ਹਣ ਦਾ ਹੁਕਮ ਦਿੱਤਾ ਸੀ"ਜਹਾਜ ਮੱਧ-ਉਡਾਣ ਵਿਚ ਸੀ। ਇਹ ਘਟਨਾ ਸ਼ਨੀਵਾਰ ਨੂੰ ਹਿਊਸਟਨ, ਟੈਕਸਾਸ ਤੋਂ ਕੋਲੰਬਸ, ਉਹੀਉ ਜਾਣ ਵਾਲੀ ਸਾਊਥਵੈਸਟ ਫਲਾਈਟ 192 'ਤੇ ਵਾਪਰੀ।

ਇਲੋਮ ਨੇ ਫਲਾਈਟ ਦਾ ਦਰਵਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕੀਤੀ ਜਦੋਂ ਉਹ ਕਥਿਤ ਤੌਰ 'ਤੇ ਪ੍ਰੇਸ਼ਾਨ ਸੀ ਕਿ ਫਲਾਈਟ ਦੇ ਅਮਲੇ ਨੇ ਉਸ ਨੂੰ ਐਮਰਜੈਂਸੀ ਐਗਜ਼ਿਟ ਤੱਕ ਪਹੁੰਚਣ ਤੋਂ ਰੋਕਿਆ। ਇਕ ਹੈਰਾਨ ਹੋਏ ਸਾਥੀ ਯਾਤਰੀ ਨੇ ਦਖਲ ਦਿੱਤਾ ਅਤੇ ਇਲੋਮ ਨੂੰ ਰੋਕਿਆ ਪਰ ਇਲੋਮ ਨੇ ਉਸ ਨੂੰ ਪੱਟ 'ਤੇ ਕੱਟ ਲਿਆ। ਅਦਾਲਤੀ ਦਸਤਾਵੇਜ਼ਾਂ ਦੇ ਅਨੁਸਾਰ, ਔਰਤ ਫਿਰ ਜਹਾਜ਼ ਦੇ ਪਿਛਲੇ ਪਾਸੇ ਚਲੀ ਗਈ ਜਿੱਥੇ ਉਹ ਬਾਹਰ ਜਾਣ ਦੇ ਦਰਵਾਜ਼ੇ 'ਤੇ "ਘੁੰਮ ਰਹੀ ਸੀ"। ਇੱਕ ਫਲਾਈਟ ਅਟੈਂਡੈਂਟ ਉਸ ਕੋਲ ਆਇਆ ਅਤੇ ਉਸ ਨੂੰ ਜਾਂ ਤਾਂ ਬਾਥਰੂਮ ਵਰਤਣ ਜਾਂ ਬੈਠਣ ਲਈ ਕਿਹਾ। ਇਕ ਹੋਰ ਫਲਾਈਟ ਅਟੈਂਡੈਂਟ ਨੇ ਦੱਸਿਆ ਕਿ ਇਲੋਮ ਨੇ ਐਗਜ਼ਿਟ ਦਰਵਾਜ਼ੇ ਦਾ ਹੈਂਡਲ ਖੋਲ੍ਹਣ ਦੀ ਕੋਸ਼ਿਸ਼ ਕੀਤੀ।

ਅਦਾਲਤ ਦੇ ਦਸਤਾਵੇਜ਼ਾਂ ਵਿੱਚ ਅੱਗੇ ਕਿਹਾ ਗਿਆ ਹੈ ਕਿ "ਉਸ ਔਰਤ ਨੇ ਫਿਰ ਜਹਾਜ਼ ਦੇ ਫਰਸ਼ 'ਤੇ ਆਪਣਾ ਸਿਰ ਮਾਰਨਾ ਸ਼ੁਰੂ ਕਰ ਦਿੱਤਾ ਅਤੇ ਬਾਅਦ ਵਿੱਚ ਕਿਹਾ ਕਿ ਯਿਸੂ ਨੇ ਉਸਨੂੰ ਉਹੀਉ ਜਾਣ ਅਤੇ ਜਹਾਜ਼ ਦਾ ਦਰਵਾਜ਼ਾ ਖੋਲ੍ਹਣ ਲਈ ਕਿਹਾ ਸੀ।" ਇਸ ਘਟਨਾ ਕਾਰਨ ਪਾਇਲਟ ਨੂੰ ਜਹਾਜ਼ ਦੀ ਐਮਰਜੈਂਸੀ ਲੈਂਡਿੰਗ ਕਰਨੀ ਪਈ ਅਤੇ ਲਿਟਲ ਰੌਕ ਸਥਿਤ ਬਿਲ ਅਤੇ ਹਿਲੇਰੀ ਕਲਿੰਟਨ ਹਵਾਈ ਅੱਡੇ 'ਤੇ ਐਮਰਜੈਂਸੀ ਲੈਂਡਿੰਗ ਕੀਤੀ ਗਈ।

# ਫ਼ਿਰੋਜ਼ਾਬਾਦ ਵਿੱਚ ਦੁਕਾਨ ਅਤੇ ਘਰ ਨੂੰ ਲੱਗੀ ਅੱਗ, 3 ਬੱਚਿਆਂ ਸਮੇਤ 6 ਲੋਕਾਂ ਦੀ ਮੌਤ



ਫ਼ਿਰੋਜ਼ਾਬਾਦ, 30 ਨਵੰਬਰ (ਪੋਸਟ ਬਿਊਰੋ)- ਉੱਤਰ ਪ੍ਰਦੇਸ਼ ਦੇ ਫ਼ਿਰੋਜ਼ਾਬਾਦ ਜ਼ਿਲ੍ਹੇ ਦੇ ਪਦਮ ਦੇ ਮੁੱਖ ਬਾਜ਼ਾਰ ਵਿੱਚ ਸਥਿਤ ਇੱਕ ਦੁਕਾਨ ਅਤੇ ਉਸ ਦੇ ਉੱਪਰ ਬਣੇ ਮਕਾਨ ਵਿੱਚ ਮੰਗਲਵਾਰ ਦੇਰ ਸ਼ਾਮ ਅੱਗ ਲੱਗ ਗਈ। ਇਸ ਹਾਦਸੇ 'ਚ 3 ਬੱਚਿਆਂ ਸਮੇਤ 6 ਲੋਕਾਂ ਦੀ ਮੌਤ ਹੋ ਗਈ ਹੈ। ਸੀਨੀਅਰ ਪੁਲਿਸ ਕਪਤਾਨ (ਐਸਐਸਪੀ) ਆਸ਼ੀਸ਼ ਤਿਵਾਰੀ ਨੇ ਕਿਹਾ, "ਅੱਗ ਨੇ ਦੁਕਾਨ ਦੇ ਉੱਪਰਲੇ ਘਰ ਵਿੱਚ ਇੱਕ ਹੀ ਪਰਿਵਾਰ ਦੇ 9 ਲੋਕਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਨ੍ਹਾਂ 'ਚੋਂ 3 ਬੱਚਿਆਂ ਸਮੇਤ 6 ਲੋਕਾਂ ਦੀ ਮੌਤ ਹੋ ਗਈ, ਜਦਕਿ 3 ਲੋਕਾਂ ਨੂੰ ਬਚਾ ਲਿਆ ਗਿਆ ਹੈ। ਉਸ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ।"

ਜਸਰਾਣਾ ਥਾਣਾ ਖੇਤਰ ਵਿੱਚ ਸਥਿਤ ਇਹ ਦੁਕਾਨ ਇਲੈਕਟ੍ਰਾਨਿਕ ਸਮਾਨ ਅਤੇ ਫਰਨੀਚਰ ਦੀ ਸੀ। ਐਸਐਸਪੀ ਨੇ ਦੱਸਿਆ ਕਿ ਪਹਿਲੀ ਨਜ਼ਰੇ ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਜਾਪਦਾ ਹੈ। ਅੱਗ 'ਤੇ ਕਾਬੂ ਪਾਉਣ ਲਈ ਆਗਰਾ, ਮੈਨਪੁਰੀ, ਏਟਾ ਅਤੇ ਫ਼ਿਰੋਜ਼ਾਬਾਦ ਤੋਂ ਫਾਇਰ ਬ੍ਰਿਗੇਡ ਦੀਆਂ 18 ਗੱਡੀਆਂ ਤਾਇਨਾਤ ਕੀਤੀਆਂ ਗਈਆਂ। ਇਸ ਤੋਂ ਇਲਾਵਾ 12 ਥਾਣਿਆਂ ਦੀ ਪੁਲਿਸ ਵੀ ਬਚਾਅ ਕਾਰਜਾਂ ਵਿੱਚ ਲੱਗੀ ਹੋਈ ਹੈ। ਉਨ੍ਹਾਂ ਦੱਸਿਆ ਕਿ ਕਰੀਬ ਢਾਈ ਘੰਟੇ ਬਾਅਦ ਅੱਗ 'ਤੇ ਕਾਬੂ ਪਾਇਆ ਜਾ ਸਕਿਆ।

ਐਸਪੀ (ਦਿਹਾਤੀ) ਰਣਵਿਜੇ ਸਿੰਘ ਅਨੁਸਾਰ ਅੱਗ ਸ਼ਾਮ ਸਾਢੇ ਸੱਤ ਵਜੇ ਦੇ ਕਰੀਬ ਲੱਗੀ ਅਤੇ ਅੱਗ ਨੇ ਦੁਕਾਨ ਦੇ ਉੱਪਰ ਬਣੇ ਦੁਕਾਨਦਾਰ ਦੇ ਘਰ ਨੂੰ ਵੀ ਆਪਣੀ ਲਪੇਟ ਵਿੱਚ ਲੈ ਲਿਆ। ਫਿਲਹਾਲ ਮ੍ਰਿਤਕਾਂ ਦੀ ਪਛਾਣ ਨਹੀਂ ਹੋ ਸਕੀ ਹੈ। ਬਚਾਅ ਕਾਰਜ ਅਜੇ ਵੀ ਜਾਰੀ ਹੈ ਅਤੇ ਦੇਖਿਆ ਜਾ ਰਿਹਾ ਹੈ ਕਿ ਘਰ ਵਿਚ ਕੋਈ ਹੋਰ ਫਸਿਆ ਨਹੀਂ ਹੈ।

ਇੱਕ ਬਿਆਨ ਵਿੱਚ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਫ਼ਿਰੋਜ਼ਾਬਾਦ ਦੇ ਜਸਰਾਣਾ ਵਿੱਚ ਇੱਕ ਦੁਕਾਨ ਅਤੇ ਉਸਦੇ ਉੱਪਰ ਬਣੇ ਇੱਕ ਘਰ ਵਿੱਚ ਅੱਗ ਲੱਗਣ ਦੀ ਘਟਨਾ ਵਿੱਚ ਹੋਏ ਜਾਨੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ।

ਵਿਛੜੀਆਂ ਰੂਹਾਂ ਦੀ ਸ਼ਾਂਤੀ ਦੀ ਕਾਮਨਾ ਕਰਦਿਆਂ ਮੁੱਖ ਮੰਤਰੀ ਨੇ ਦੁਖੀ ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ। ਮੁੱਖ ਮੰਤਰੀ ਨੇ ਇਸ ਹਾਦਸੇ ਵਿੱਚ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਦੋ-ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ ਤੁਰੰਤ ਵੰਡਣ ਦੇ ਨਿਰਦੇਸ਼ ਦਿੱਤੇ ਹਨ।

# ਗੁਰੂਗ੍ਰਾਮ 'ਚ ਦਲੇਰ ਮਹਿੰਦੀ ਦਾ ਡੇਢ ਏਕੜ ਦਾ ਫਾਰਮ ਹਾਊਸ ਸੀਲ



ਗੁਰੂਗ੍ਰਾਮ, 30 ਨਵੰਬਰ (ਪੋਸਟ ਬਿਊਰੋ)- ਅਧਿਕਾਰੀਆਂ ਨੇ ਮੰਗਲਵਾਰ ਨੂੰ ਸੋਹਨਾ ਵਿੱਚ ਦਮਦਮਾ ਝੀਲ ਨੇੜੇ ਗਾਇਕ ਦਲੇਰ ਮਹਿੰਦੀ ਸਮੇਤ ਤਿੰਨ ਲੋਕਾਂ ਦੇ ਫਾਰਮ ਹਾਊਸ ਨੂੰ ਸੀਲ ਕਰ ਦਿੱਤਾ। ਨਗਰ ਯੋਜਨਾ ਵਿਭਾਗ ਦੇ ਇਕ ਸੀਨੀਅਰ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਜ਼ਿਲ੍ਹਾ ਟਾਊਨ ਪਲਾਨਰ (ਡੀਟੀਪੀ) ਅਮਿਤ ਮਧੋਲੀਆ ਨੇ ਕਿਹਾ, 'ਇਹ ਝੀਲ ਦੇ ਕੈਚਮੈਂਟ ਖੇਤਰ ਵਿੱਚ ਬਣਾਏ ਗਏ ਅਣਅਧਿਕਾਰਤ ਫਾਰਮ ਹਾਊਸ ਸਨ। ਇਨ੍ਹਾਂ ਤਿੰਨਾਂ ਫਾਰਮ ਹਾਊਸਾਂ ਨੂੰ ਸੀਲ ਕਰ ਦਿੱਤਾ ਗਿਆ ਹੈ। ਇਹ ਅਰਾਵਲੀ ਰੇਂਜ ਵਿੱਚ ਬਿਨਾਂ ਕਿਸੇ ਇਜਾਜ਼ਤ ਦੇ ਬਣਾਏ ਗਏ ਸਨ।

ਸੋਨੀਆ ਘੋਸ਼ ਬਨਾਮ ਹਰਿਆਣਾ ਰਾਜ ਮਾਮਲੇ ਵਿਚ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐਨਜੀਟੀ) ਦੇ ਹੁਕਮਾਂ ਤੋਂ ਬਾਅਦ ਪੁਲਿਸ ਦੀ ਮਦਦ ਨਾਲ ਤਿੰਨਾਂ ਫਾਰਮ ਹਾਊਸਾਂ ਦੇ ਖਿਲਾਫ ਮੁਹਿੰਮ ਚਲਾਈ ਗਈ ਸੀ। ਥਾਣਾ ਸਦਰ ਸੋਹਾਣਾ ਦੇ ਥਾਣੇਦਾਰ ਦੀ ਅਗਵਾਈ ਹੇਠ ਪੁਲੀਸ ਟੀਮ ਉਥੇ ਤਾਇਨਾਤ ਸੀ। ਵਿਭਾਗ ਦੇ ਇੱਕ ਸੀਨੀਅਰ ਅਧਿਕਾਰੀ ਨੇ ਨਾਮ ਨਾ ਛਾਪਣ ਦੀ ਸ਼ਰਤ 'ਤੇ ਪੁਸ਼ਟੀ ਕੀਤੀ ਕਿ ਤਿੰਨਾਂ ਵਿੱਚੋਂ ਇੱਕ ਫਾਰਮ ਹਾਊਸ ਗਾਇਕ ਦਲੇਰ ਮਹਿੰਦੀ ਦਾ ਹੈ ਜੋ ਕਰੀਬ ਡੇਢ ਏਕੜ ਵਿੱਚ ਬਣਿਆ ਹੈ।


# ਵਲਾਦੀਮੀਰ ਪੁਤਿਨ ਦੇ 'ਸਭ ਤੋਂ ਨਜ਼ਦੀਕੀ' ਦੋਸਤ ਦੇ ਖਾਸ ਸਿਪਹਸਲਾਰ ਦਾ ਕਤਲ, ਨਹੀਂ ਮਿਲਿਆ ਮੌਤ ਦਾ ਕਾਰਨ

ਬੇਲਾਰੂਸ, 30 ਨਵੰਬਰ (ਪੋਸਟ ਬਿਊਰੋ)- ਬੇਲਾਰੂਸ ਦੇ ਵਿਦੇਸ਼ ਮੰਤਰੀ ਵਲਾਦੀਮੀਰ ਮੇਕੀ ਦੇ ਕਤਲ ਦੀ ਸੰਭਾਵਨਾ ਜਤਾਈ ਜਾ ਰਹੀ ਸੀ, ਇਸ ਹਫਤੇ ਉਨ੍ਹਾਂ ਦਾ ਅਚਾਨਕ ਦੇਹਾਂਤ ਹੋ ਗਿਆ। ਉਸ ਦੇ ਕਤਲ ਦੇ ਸ਼ੱਕ ਦੀ ਸੂਈ ਰੂਸ ਵੱਲ ਮੁੜ ਰਹੀ ਹੈ। ਬੇਲਾਰੂਸ ਦੇ ਰਾਸ਼ਟਰਪਤੀ ਅਲੈਗਜ਼ੈਂਡਰ ਲੂਕਾਸ਼ੈਂਕੋ ਨੇ ਮੰਗਲਵਾਰ ਨੂੰ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਜ਼ਹਿਰ ਦੇ ਟੈਸਟ ਦਾ ਹੁਕਮ ਦਿੱਤਾ। ਮੇਕੀ ਦਾ ਸਸਕਾਰ ਮੰਗਲਵਾਰ ਨੂੰ ਬੇਲਾਰੂਸ ਦੀ ਰਾਜਧਾਨੀ ਮਿੰਸਕ ਵਿੱਚ ਕੀਤਾ ਗਿਆ। ਰਿਪੋਰਟ ਮੁਤਾਬਕ ਦਾਅਵਾ ਕੀਤਾ ਜਾ ਰਿਹਾ ਹੈ ਕਿ 64 ਸਾਲਾ ਸਾਬਕਾ ਜਾਸੂਸ ਅਤੇ ਡਿਪਲੋਮੈਟ ਵਲਾਦੀਮੀਰ ਮੇਕੀ ਦੀ ਇੱਕ ਸਟਿੰਗ ਆਪਰੇਸ਼ਨ ਵਿੱਚ ਹੱਤਿਆ ਕਰ ਦਿੱਤੀ ਗਈ ਹੈ। ਦਾਅਵਾ ਕੀਤਾ ਜਾ ਰਿਹਾ ਹੈ ਕਿ ਉਹ ਯੂਕਰੇਨ ਯੁੱਧ ਨੂੰ ਲੈ ਕੇ ਪੱਛਮੀ ਦੇਸ਼ਾਂ ਨਾਲ ਗੁਪਤ ਸੰਪਰਕ ਵਿਚ ਸੀ ਅਤੇ ਵਲਾਦੀਮੀਰ ਪੁਤਿਨ ਨੂੰ ਰੂਸ ਵਿਚ ਬੇਲਾਰੂਸ ਵਿਚ ਸ਼ਾਮਲ ਹੋਣ ਤੋਂ ਰੋਕਣਾ ਚਾਹੁੰਦਾ ਸੀ। ਮੇਕੀ ਦੀ ਸੁਰੱਖਿਆ ਕਰ ਰਹੀ ਸੁਰੱਖਿਆ ਟੀਮ ਦਾ ਵੀ ਝੂਠ ਖੋਜਣ ਵਾਲਾ ਟੈਸਟ ਕੀਤਾ ਜਾ ਰਿਹਾ ਹੈ।

ਕਈ ਰਿਪੋਰਟਾਂ 'ਚ ਦਾਅਵਾ ਕੀਤਾ ਜਾ ਰਿਹਾ ਹੈ ਕਿ ਰਾਸ਼ਟਰਪਤੀ ਅਲੈਗਜ਼ੈਂਡਰ ਲੁਕਾਸੇਂਕੋ ਮੇਕੀ ਦੀ ਮੌਤ ਨਾਲ ਹਿੱਲ ਗਏ ਹਨ ਅਤੇ ਉਹ ਆਪਣੀ ਸੁਰੱਖਿਆ ਲਈ ਖਤਰਾ ਮਹਿਸੂਸ ਕਰ ਰਹੇ ਹਨ। ਲੁਕਾਸੈਂਕੋ ਨੂੰ ਡਰ ਹੈ ਕਿ ਰੂਸ ਉਸ ਨੂੰ ਮਾਰ ਸਕਦਾ ਹੈ। ਇਸ ਡਰ ਕਾਰਨ ਉਸ ਨੇ ਆਪਣੇ ਨੌਕਰ ਅਤੇ ਖਾਣਾ ਬਣਾਉਣ ਵਾਲੇ ਰਸੋਈਏ ਨੂੰ ਬਦਲ ਲਿਆ ਹੈ।

ਵੱਖ-ਵੱਖ ਪੋਸਟਮਾਰਟਮ ਟੈਸਟਾਂ ਦੀਆਂ ਰਿਪੋਰਟਾਂ ਬੁੱਧਵਾਰ ਨੂੰ ਆਉਣਗੀਆਂ। ਜਾਣਕਾਰੀ ਮੁਤਾਬਕ ਰਿਪੋਰਟ 'ਚ ਕਿਹਾ ਗਿਆ ਹੈ, "ਮੱਕੀ ਦੇ ਡਰੋਜ਼ਡੀ ਘਰ ਦੇ ਸੁਰੱਖਿਆ ਅਤੇ ਸੁਰੱਖਿਆ ਕਰਮਚਾਰੀਆਂ ਤੋਂ ਪੁੱਛਗਿੱਛ ਕੀਤੀ ਜਾਵੇਗੀ ਅਤੇ ਪੌਲੀਗ੍ਰਾਫ ਟੈਸਟ ਕੀਤਾ ਜਾਵੇਗਾ।"

# ਅਮਰੀਕਾ ਵਿਚ 38 ਸਾਲਾਂ ਬਾਅਦ ਮੌਨਾ ਲਾਓ ਜਵਾਲਾਮੁਖੀ ਫਟਿਆ



ਹਵਾਈ, 30 ਨਵੰਬਰ (ਪੋਸਟ ਬਿਊਰੋ)- ਅਮਰੀਕਾ ਦੇ ਹਵਾਈ ਸੂਬੇ ਦੇ ਮੌਨਾ ਲਾਓ 'ਚ ਸਥਿਤ ਜਵਾਲਾਮੁਖੀ 'ਚ ਧਮਾਕਾ ਹੋਣਾ ਸ਼ੁਰੂ ਹੋ ਗਿਆ ਹੈ। ਇਸ ਧਮਾਕੇ ਕਾਰਨ ਆਸ-ਪਾਸ ਦੇ ਇਲਾਕਿਆਂ 'ਚ ਰਾਖ ਅਤੇ ਮਲਬਾ ਵੀ ਡਿੱਗ ਰਿਹਾ ਹੈ। ਵੱਡੇ ਟਾਪੂ 'ਤੇ ਜਵਾਲਾਮੁਖੀ ਦੇ ਸਿਖਰ ਕੈਲਡੇਰਾ ਵਿੱਚ 27 ਨਵੰਬਰ ਨੂੰ ਦੇਰ ਨਾਲ ਜਵਾਲਾਮੁਖੀ ਫਟਣਾ ਸ਼ੁਰੂ ਹੋਇਆ ਸੀ। ਮਾਹਿਰਾਂ ਦਾ ਕਹਿਣਾ ਹੈ ਕਿ 38 ਸਾਲਾਂ ਵਿੱਚ ਪਹਿਲੀ ਵਾਰ ਇਹ ਜਵਾਲਾਮੁਖੀ ਇੰਨੀ ਤੇਜ਼ੀ ਨਾਲ ਫਟਿਆ ਹੈ। ਇਹ ਧਮਾਕਾ ਵਾਰ-ਵਾਰ ਭੂਚਾਲ ਆਉਣ ਕਾਰਨ ਹੋਇਆ ਹੈ। ਇਸ ਤੋਂ ਪਹਿਲਾਂ ਅਜਿਹਾ ਧਮਾਕਾ 1984 ਵਿੱਚ ਹੋਇਆ ਸੀ। ਖਤਰੇ ਨੂੰ ਦੇਖਦੇ ਹੋਏ ਅਧਿਕਾਰੀਆਂ ਨੇ ਹਵਾਈ ਦੇ ਵੱਡੇ ਟਾਪੂ 'ਤੇ ਰਹਿਣ ਵਾਲੇ ਲੋਕਾਂ ਨੂੰ ਅਲਰਟ ਜਾਰੀ ਕੀਤਾ ਹੈ।

ਅਮਰੀਕੀ ਭੂ-ਵਿਗਿਆਨ ਸਰਵੇਖਣ ਨੇ ਨਵੇਂ ਵਿਸਫੋਟ ਤੋਂ ਬਾਅਦ ਵੱਡੇ ਟਾਪੂ 'ਤੇ ਰਹਿਣ ਵਾਲੇ ਲਗਭਗ 20 ਲੱਖ ਲੋਕਾਂ ਨੂੰ ਚੇਤਾਵਨੀ ਜਾਰੀ ਕੀਤੀ ਹੈ। ਉਨ੍ਹਾਂ ਨੂੰ ਦੱਸਿਆ ਗਿਆ ਹੈ ਕਿ ਫਟਣ ਕਾਰਨ ਜਵਾਲਾਮੁਖੀ ਬਹੁਤ ਗਤੀਸ਼ੀਲ ਹੋ ਸਕਦਾ ਹੈ ਅਤੇ ਲਾਵੇ ਦੇ ਵਹਾਅ ਦੀ ਸਥਿਤੀ ਵੀ ਤੇਜ਼ੀ ਨਾਲ ਬਦਲ ਸਕਦੀ ਹੈ। ਲੋਕਾਂ ਨੂੰ ਕਿਹਾ ਗਿਆ ਹੈ ਕਿ ਜੇਕਰ ਲਾਵੇ ਦਾ ਵਹਾਅ ਆਬਾਦੀ ਵਾਲੇ ਇਲਾਕਿਆਂ ਵੱਲ ਵਧਦਾ ਹੈ ਤਾਂ ਤੁਰੰਤ ਆਪਣੇ ਘਰਾਂ ਨੂੰ ਖਾਲੀ ਕਰ ਕੇ ਸੁਰੱਖਿਅਤ ਥਾਂ 'ਤੇ ਪਹੁੰਚ ਜਾਣ। ਲਾਵਾ ਤੋਂ ਪੈਦਾ ਹੋਣ ਵਾਲੇ ਖ਼ਤਰਿਆਂ ਦੇ ਮੱਦੇਨਜ਼ਰ ਉੱਥੋਂ ਦੇ ਲੋਕਾਂ ਨੂੰ ਜਵਾਲਾਮੁਖੀ ਦੇ ਆਲੇ-ਦੁਆਲੇ ਦੇ ਇਲਾਕਿਆਂ ਤੋਂ ਦੂਰ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ।

NEED A LAWYER ??
Red Seal NOTARY
KAUR LAW OFFICE

MANJEET KAUR
LL.B., (London UK)
Barrister, Solicitor & Notary Public
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

NATURAL HEALTH SOLUTIONS
Over 20 years Homeopathic/Holistic ways case solving experience

HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

# ਮਿਸਿਜ ਇੰਡੀਆ ਫੈਸ਼ਨਿਸ਼ਟਾ 2022 ਚੁਣੇ ਜਾਣ 'ਤੇ ਡਾ.ਕ੍ਰਿਤੀਕਾ ਖੁੰਗਰ ਦਾ ਹੋਇਆ ਸਨਮਾਨ

* ਵੂਮੈਨ ਡੇਡੀਕੈਸ਼ਨ ਦੀ ਬਣੀ ਬ੍ਰਾਂਡ ਅੰਬੈਸਡਰ



ਸਿਰਸਾ ( ਸਤੀਸ਼ ਬਾਂਸਲ) ਹਾਲ ਹੀ 'ਚ ਐਨਸੀਆਰ 'ਚ ਆਯੋਜਿਤ ਮਿਸ-ਮਿਸਿਜ ਇੰਡੀਆ ਫੈਸ਼ਨਿਸ਼ਟਾ 2022 ਮੁਕਾਬਲੇ 'ਚ ਮਿਸਿਜ ਇੰਡੀਆ ਫੈਸ਼ਨਿਸ਼ਟਾ 2022 ਚੁਣੀ ਗਈ ਡਾ। ਕ੍ਰਿਤੀਕਾ ਖੁੰਗਰ ਦੇ ਸਨਮਾਨ ਚ ਵੂਮੈਨ ਡੇਡੀਕੈਸ਼ਨ ਵਲੋਂ ਇਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਇਨਰ ਵਹੀਲ ਕਲੱਬ ਦੀ ਮੈਂਬਰ ਮਧੂ ਮਹਿਤਾ ਵਲੋਂ ਵਿਸ਼ੇਸ਼ ਮਹਿਮਾਨ ਵਜੋਂ ਪੁੱਜਣ ਤੋਂ ਇਲਾਵਾ ਡਾ। ਕ੍ਰਿਤੀਕਾ ਖੁੰਗਰ ਦੇ ਪਰਿਵਾਰਿਕ ਮੈਂਬਰ ਪਿਤਾ ਰਾਜਕੁਮਾਰ ਖੁੰਗਰ , ਮਾਤਾ ਮਧੂ ਖੁੰਗਰ ,ਭਰਾ ਇਸ਼ਾਨ ਖੁੰਗਰ ਭਾਬੀ ਹਿਤੈਸ਼ੀ ਖੁੰਗਰ ਅਤੇ ਪਤੀ ਰੁਪਿੰਦਰ ਸਚਦੇਵਾ ਆਦਿ ਵੀ ਹਾਜਿਰ ਸਨ । ਇਸ ਮੌਕੇ ਵੂਮੈਨ ਡੇਡੀਕੈਸ਼ਨ ਵਲੋਂ ਡਾ। ਕ੍ਰਿਤੀਕਾ ਖੁੰਗਰ ਨੂੰ ਵੂਮੈਨ ਡੇਡੀਕੈਸ਼ਨ ਦਾ ਬ੍ਰਾਂਡ ਅੰਬੈਸਡਰ ਵੀ ਚੁਣਿਆ ਗਿਆ । ਬੇਟੀ ਦੀ ਇਸ ਬਹੁਤ ਹੀ ਵੱਡੀ ਪ੍ਰਾਪਤੀ 'ਤੇ ਬਹੁਤ ਹੀ ਖੁਸ਼ ਹੋਏ ਪਿਤਾ ਰਾਜਕੁਮਾਰ ਖੁੰਗਰ ਤੇ ਮਾਤਾ ਮਧੂ ਖੁੰਗਰ ਨੇ ਕਿਹਾ ਕਿ ਉਹਨਾਂ ਨੂੰ ਆਪਣੀ ਬੇਟੀ ਦੀ ਇਸ ਸਫਲਤਾ 'ਤੇ ਮਾਣ ਹੈ । ਜੋ ਲੋਕ ਬੇਟੀਆਂ ਨੂੰ ਬੋਝ ਸਮਝਦੇ ਹਨ ਉਹਨਾਂ ਲਈ ਸਾਡੀ ਬੇਟੀ ਨੇ ਇਕ ਅਨੋਖਾ ਉਦਾਹਰਣ ਪੇਸ਼ ਕਰਕੇ ਅਜਿਹੇ ਲੋਕਾਂ ਨੂੰ ਸੋਚਣ 'ਤੇ ਮਜਬੂਰ ਕੀਤਾ ਹੈ ਕਿ ਅੱਜ ਬੇਟੀਆਂ ਬੋਝ ਨਹੀਂ ਹਨ ,ਜਰੂਰਤ ਹੈ , ਉਹਨਾਂ ਨੂੰ ਚੰਗੇ ਸੰਸਕਾਰ ਦੇਣ ਦੀ ਅਤੇ ਬੇਟਿਆਂ ਦੇ ਬਰਾਬਰ ਹੱਕ ਦੇਣ ਦੀ । ਡਾ। ਕ੍ਰਿਤੀਕਾ ਖੁੰਗਰ ਦੇ ਭਰਾ ਇਸ਼ਾਨ ਖੁੰਗਰ ਅਤੇ ਭਾਬੀ ਹਿਤੈਸ਼ੀ ਖੁੰਗਰ ਨੇ ਕਿਹਾ ਕਿ ਕ੍ਰਿਤੀਕਾ ਨੇ ਮਾਪਿਆਂ ਦੇ ਸਹਿਯੋਗ ਅਤੇ ਅਪਣੀ ਮੇਹਨਤ ਨਾਲ ਜੋ ਮੰਜਿਲ ਹਾਸਿਲ ਕੀਤੀ ਹੈ ,ਉਹ ਕਾਬਿਲੇ ਤਾਰੀਫ ਹੈ ਅਤੇ ਉਸਦੀ ਪ੍ਰਾਪਤੀ 'ਤੇ ਸਾਨੂੰ ਬਹੁਤ ਮਾਣ ਹੈ । ਡਾ। ਕ੍ਰਿਤੀਕਾ ਦੇ ਪਤੀ ਰੁਪਿੰਦਰ ਸਚਦੇਵਾ ਨੇ ਕਿਹਾ ਕਿ ਇਕ ਔਰਤ ਲਈ ਘਰ ਨੂੰ ਸੰਭਾਲਣ ਦੇ ਨਾਲ ਨਾਲ ਇਸ ਤਰਾਂ ਦੇ ਮੁਕਾਬਲਿਆਂ ਚ ਹਿੱਸਾ ਲੈਣਾ ਅਪਣੇ ਆਪ 'ਚ ਬੇਮਿਸਾਲ ਹੈ । ਕ੍ਰਿਤੀਕਾ ਨੇ ਨਾ ਸਿਰਫ ਅਪਣੇ ਘਰ ਨੂੰ ਬਾਖੂਬੀ ਸੰਭਾਲਿਆ ਸਗੋਂ ਪ੍ਰਤੀਯੋਗਿਤਾ 'ਚ ਹਿੱਸਾ ਲੈਣ ਦੇ ਨਾਲ ਨਾਲ ਅਪਣੀ ਨੌਕਰੀ ਨੂੰ ਵੀ ਵਧੀਆ ਤਰੀਕੇ ਨਾਲ ਚਲਾਇਆ । ਜਦੋਂ ਡਾ। ਕ੍ਰਿਤੀਕਾ ਨੂੰ ਫੈਸ਼ਨ ਦੇ ਬਾਰੇ 'ਚ ਰੁਚੀ ਨੂੰ ਲੈਕੇ ਪੁੱਛਿਆ ਗਿਆ ਤਾਂ ਉਹਨਾਂ ਦੱਸਿਆ ਕਿ ਫੈਸ਼ਨ ਹਰ ਲੜਕੀ ਅਤੇ ਔਰਤ ਚ ਹੁੰਦਾ ਹੈ ,ਜੇਕਰ ਇਕ ਔਰਤ ਅਤੇ ਲੜਕੀ ਇਹ ਦਿਲੋਂ ਮਹਿਸੂਸ ਕਰੇ ਕਿ ਉਹ ਸੁੰਦਰ ਹੈ ਤਾਂ ਇਸਤੋਂ ਵੱਡੀ ਸੁੰਦਰਤਾ ਹੋਰ ਕੋਈ ਹੋ ਨਹੀਂ ਸਕਦੀ । ਉਹਨਾਂ ਕਿਹਾ ਕਿ ਅੱਜ ਨਾਰੀ ਕਿਸੇ ਵੀ ਖੇਤਰ 'ਚ ਪੁਰਸ਼ਾਂ ਨਾਲੋਂ ਪਿੱਛੇ ਨਹੀਂ ਹੈ । ਜਰੂਰਤ ਹੈ ਦ੍ਰਿੜ ਇਰਾਦੇ ਨਾਲ ਅੱਗੇ ਵੱਧਣ ਦੀ । ਇਸ ਮੌਕੇ ਇਨਰ ਵਹੀਲ ਕਲੱਬ ਦੀ ਮੈਂਬਰ ਮਧੂ ਮਹਿਤਾ ਨੇ ਕਿਹਾ ਕਿ ਡਾ। ਕ੍ਰਿਤੀਕਾ ਖੁੰਗਰ ਨਾ ਸਿਰਫ ਸਿਰਸਾ ਜਿਲੇ ਦਾ ਨਾਮ ਰੋਸ਼ਨ ਕੀਤਾ ਹੈ ਸਗੋਂ ਨਾਰੀ ਸਮਾਜ ਦਾ ਵੀ ਮਾਣ ਵਧਾਇਆ ਹੈ । ਉਹਨਾਂ ਮਹਿਲਾਵਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਵੀ ਅਪਣੀ ਰੁਚੀ ਅਨੁਸਾਰ ਖੇਤਰ ਦੀ ਚੋਣ ਕਰਨ ਤਾਂ ਜੋ ਅੱਗੇ ਚੱਲਕੇ ਪਰਿਵਾਰ ਅਤੇ ਜਿਲੇ ਦਾ ਨਾਮ ਰੋਸ਼ਨ ਕਰ ਸਕਣ ।

# ਸਰਕਾਰੀ ਹਾਈ ਸਕੂਲ ਬਦਰਾ ਦੇ ਜੇਤੂ ਖਿਡਾਰੀਆਂ ਦਾ ਸਨਮਾਨ



ਸਰਕਾਰੀ ਹਾਈ ਸਕੂਲ ਬਦਰਾ ਵਿਖੇ ਜੇਤੂ ਖਿਡਾਰੀਆਂ ਦਾ ਸਨਮਾਨ ਕਰਦੇ ਹੋਏ ਸਕੂਲ ਮੁਖੀ ਅਤੇ ਸਟਾਫ।

ਬਰਨਾਲਾ, 30 ਨਵੰਬਰ (ਪੋਸਟ ਬਿਊਰੋ) - ਸਰਕਾਰੀ ਹਾਈ ਸਕੂਲ ਬਦਰਾ ਵਿਖੇ ਸਕੂਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ। ਸਕੂਲ ਦੇ ਮੀਡੀਆ ਕੋਆਰਡੀਨੇਟਰ ਨਿਰਮਲ ਸਿੰਘ ਵਾਲੀਆ ਨੇ ਦੱਸਿਆ ਕਿ ਸਕੂਲ ਦੇ ਖਿਡਾਰੀਆਂ ਸ਼ਿਵਾ (ਨੌਵੀਂ), ਗੁਰਜੀਤ ਕੌਰ (ਨੌਵੀਂ), ਚਰਨਜੀਤ ਕੌਰ (ਨੌਵੀਂ), ਕੁਲਵਿੰਦਰ ਕੌਰ (10ਵੀਂ) ਅਤੇ ਸੁਖਦੀਪ ਕੌਰ (10ਵੀਂ) ਨੇ ਜ਼ਿਲਾ ਸਕੂਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ 66ਵੀਆਂ ਪੰਜਾਬ ਰਾਜ ਸਕੂਲ ਖੇਡਾਂ ਦੇ ਪਾਵਰ ਲਿਫਟਿੰਗ ਅੰਡਰ 17 ਸਾਲ ਵਿੱਚ ਭਾਗ ਲਿਆ ਹੈ। ਜਦਕਿ ਅੰਡਰ 14 ਸਾਲ ਖੋ-ਖੋ ਵਿੱਚ ਸਕੂਲ ਦੇ ਖਿਡਾਰੀਆਂ ਅਰਮਾਨ ਸ਼ਰਮਾ (8ਵੀਂ), ਸੁਖਮਨ ਸਿੰਘ (8ਵੀਂ) ਅਤੇ ਲਖਵਿੰਦਰ ਸਿੰਘ (7ਵੀਂ) ਨੇ ਜਿਲ੍ਹਾ ਪੱਧਰ 'ਤੇ ਤੀਜਾ ਸਥਾਨ ਹਾਸਲ ਕੀਤਾ ਹੈ। ਜੋਨਲ ਅਥਲੈਟਿਕ ਮੀਟ ਦੇ ਅੰਡਰ 14 ਸਾਲ ਉਮਰ ਵਰਗ ਵਿੱਚ ਵੀ ਸਕੂਲ ਦੇ ਖਿਡਾਰੀਆਂ ਗੁਰਸ਼ਰਨ ਸਿੰਘ (9ਵੀਂ) ਨੇ ਗੋਲਾ ਸੁੱਟਣ ਵਿੱਚ ਤੀਜਾ, ਲਛਮਣ ਸਿੰਘ (9ਵੀਂ) ਨੇ ਡਿਸਕਸ ਥ੍ਰੋ ਵਿੱਚ ਤੀਜਾ ਅਤੇ ਲਖਵਿੰਦਰ ਸਿੰਘ (7ਵੀਂ) ਨੇ ਉੱਚੀ ਛਾਲ ਵਿੱਚ ਤੀਜਾ ਸਥਾਨ ਹਾਸਲ ਕੀਤਾ ਹੈ। ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਸਕੂਲ ਮੁਖੀ ਗੁਰਜੀਤ ਕੌਰ ਨੇ ਬਾਕੀ ਖਿਡਾਰੀਆਂ ਨੂੰ ਵੀ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਅਧਿਆਪਕ ਅਵਤਾਰ ਸਿੰਘ, ਪਰਗਟ ਸਿੰਘ, ਗੁਰਪਿੰਦਰ ਸਿੰਘ, ਕੁਲਵਿੰਦਰ ਸਿੰਘ, ਨਿਰਮਲ ਸਿੰਘ ਵਾਲੀਆ, ਚਿਰਜੋਤ ਸਿੰਘ, ਡੀ।ਪੀ।ਈ। ਹਰਜੀਤ ਸਿੰਘ ਜੋਗਾ ਨੇ ਵੀ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਹਰਪ੍ਰੀਤ ਕੌਰ ਅਤੇ ਹਰਮਨਦੀਪ ਕੌਰ ਵੀ ਮੌਜੂਦ ਸਨ।

# ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਕੂਲ ਦਾ ਨਾਮ ਚਮਕਾਉਣ ਲਈ ਨਿਖਿਲ ਕੁਮਾਰ ਐਸ.ਐਮ.ਸੀ. ਕਮੇਟੀ ਅਤੇ ਸਟਾਫ਼ ਵੱਲੋਂ ਸਨਮਾਨਿਤ

ਖੇਡਾਂ ਮਨੁੱਖ ਨੂੰ ਤੰਦਰੁਸਤ ਰੱਖਣ ਵਿੱਚ ਮਦਦਗਾਰ ਹੁੰਦੀਆਂ ਹਨ: ਪਾਇਲ



ਪਠਾਨਕੋਟ, 30 ਨਵੰਬਰ (ਰਾਜਿੰਦਰ ਸਿੰਘ ਰਾਜਨ) ਖੇਡਾਂ ਸਾਡੇ ਸਰੀਰ ਨੂੰ ਤੰਦਰੁਸਤ ਅਤੇ ਸੁਡੋਲ ਰੱਖਣ ਵਿੱਚ ਵੀ ਮਦਦ ਕਰ ਦੀਆਂ ਹਨ। ਅਰੋਗ ਸਰੀਰ ਵਿੱਚ ਅਰੋਗ ਮਨ ਹੀ ਨਿਵਾਸ ਕਰਦਾ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਰਕਾਰੀ ਪ੍ਰਾਇਮਰੀ ਸਕੂਲ ਦਾਰੋਸਲਾਮ ਬਲਾਕ ਪਠਾਨਕੋਟ-2 ਵਿਖੇ ਸਕੂਲ ਮੁਖੀ ਪਾਯਲ ਵੱਲੋਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਕੂਲ ਦਾ ਨਾਂ ਚਮਕਾਉਣ ਵਾਲੇ ਵਿਦਿਆਰਥੀ ਦੇ ਸਨਮਾਨ ਵਿੱਚ ਰੱਖੇ ਸਮਰੋਹ ਦੌਰਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਨੂੰ ਕਿਸੇ ਨਾ ਕਿਸੇ ਖੇਡ ਵਿੱਚ ਜ਼ਰੂਰ ਭਾਗ ਲੈਣਾ ਚਾਹੀਦਾ ਹੈ। ਸਰਕਾਰੀ ਪ੍ਰਾਇਮਰੀ ਸਕੂਲ ਦਾਰੋਸਲਾਮ ਵਿਖੇ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਕੂਲ ਦਾ ਨਾਂ ਚਮਕਾਉਣ ਵਾਲੇ ਵਿਦਿਆਰਥੀ ਨੂੰ ਐਸ।ਐਮ।ਸੀ ਕਮੇਟੀ ਅਤੇ ਸਕੂਲ ਸਟਾਫ਼ ਵੱਲੋਂ ਸਕੂਲ ਮੁਖੀ ਪਾਯਲ ਦੀ ਅਗਵਾਈ ਹੇਠ ਇੱਕ ਸਾਦਾ ਸਮਰੋਹ ਦਾ ਆਯੋਜਨ ਕਰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਮੁਖੀ ਪਾਯਲ, ਈਟੀਟੀ ਅਧਿਆਪਿਕਾ ਨੀਲਮ ਅਤੇ ਕੁਲਵਿੰਦਰ ਕੌਰ ਵਲੋਂ ਆਏ ਹੋਏ ਮਹਿਮਾਨਾਂ ਅਤੇ ਪਤਵੰਤੇ ਸੱਜਣਾ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਕੂਲ ਦੇ ਵਿਦਿਆਰਥੀ ਨਿਖਿਲ ਕੁਮਾਰ ਵੱਲੋਂ 200 ਮੀਟਰ ਦੌੜ ਵਿੱਚ ਭਾਗ ਲੈਂਦੇ ਹੋਏ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ 400 ਮੀਟਰ ਰਿਲੇ ਦੌੜ ਵਿੱਚ ਵੀ ਇਸ ਵੱਲੋਂ ਗੋਲਡ ਮੈਡਲ ਪ੍ਰਾਪਤ ਕਰ ਸਕੂਲ ਅਤੇ ਪਿੰਡ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਬਲਾਕ ਪੱਧਰੀ ਮੁਕਾਬਲਿਆਂ ਵਿੱਚ ਇਸ ਵੱਲੋਂ ਲਾਂਗ ਜੰਪ ਵਿੱਚ ਵੀ ਗੋਲਡ ਮੈਡਲ ਹਾਸਲ ਕੀਤਾ ਸੀ। ਨਿਖਿਲ ਕੁਮਾਰ ਦੇ ਵਧੀਆ ਪ੍ਰਦਰਸ਼ਨ ਨੂੰ ਦੇਖਦੇ ਹੋਏ ਰਾਜ ਪੱਧਰੀ ਖੇਡਾਂ ਵਿੱਚ ਹੋਰ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰਨ ਵਾਸਤੇ ਐਸਐਮਸੀ ਕਮੇਟੀ ਅਤੇ ਸਕੂਲ ਸਟਾਫ਼ ਵੱਲੋਂ ਇਸ ਨੂੰ ਸਨਮਾਨਿਤ ਕੀਤਾ ਗਿਆ ਹੈ।


ਕੈਨੇਡੀਅਨ ਪੰਜਾਬੀ ਪੋਸਟ CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202


## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com
















## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769

## ਕੇਅਰ ਗਿਵਰ ਦੀ ਲੋੜ



ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **'PR'** ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**






## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

